SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 13 | Friday, January 19, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਗਰੁੱਪ ਏ ਸਟਰੈਪ ਇਨਫੈਕਸ਼ਨ ਕਾਰਨ ਓਨਟਾਰੀਓ ਵਿੱਚ 6 ਬੱਚਿਆਂ ਦੀ ਹੋਈ ਮੌਤ



ਓਨਟਾਰੀਓ, 18 ਜਨਵਰੀ (ਪੋਸਟ ਬਿਊਰੋ) : ਅਕਤੂਬਰ ਤੋਂ ਲੈ ਕੇ ਹੁਣ ਤੱਕ ਗਰੁੱਪ ਏ ਸਟਰੈੱਪ ਹੋਣ ਕਾਰਨ ਓਨਟਾਰੀਓ ਵਿੱਚ 10 ਸਾਲ ਤੋਂ ਘੱਟ ਉਮਰ ਦੇ ਛੇ ਬੱਚਿਆਂ ਦੀ ਮੌਤ ਹੋ ਚੁੱਕੀ ਹੈ।

ਪ੍ਰੋਵਿੰਸ਼ੀਅਲ ਡਾਟਾ ਅਨੁਸਾਰ ਪਹਿਲੀ ਅਕਤੂਬਰ ਤੋਂ 31 ਦਸੰਬਰ ਦਰਮਿਆਨ ਇਸ ਬੈਕਟੀਰੀਅਲ ਬਿਮਾਰੀ ਦੀ ਚਪੇਟ ਵਿੱਚ ਆਉਣ ਕਾਰਨ 48 ਲੋਕ ਮਾਰੇ ਜਾ ਚੁੱਕੇ ਹਨ। ਇਨ੍ਹਾਂ ਵਿੱਚੋਂ ਤਿੰਨ ਤਾਂ ਇੱਕ ਸਾਲ ਤੋਂ ਚਾਰ ਸਾਲ ਦਰਮਿਆਨ ਉਮਰ ਦੇ ਸਨ ਤੇ ਦੋ ਪੰਜ ਤੇ ਨੌਂ ਸਾਲ ਦੇ ਸਨ। ਇੱਕ ਸਾਲ ਤੋਂ ਘੱਟ ਉਮਰ ਦਾ ਇੱਕ ਬੱਚਾ ਵੀ ਇਸ ਬਿਮਾਰੀ ਕਾਰਨ ਮਾਰਿਆ ਗਿਆ। ਪਬਲਿਕ ਹੈਲਥ ਓਨਟਾਰੀਓ ਵੱਲੋਂ 11 ਜਨਵਰੀ ਨੂੰ ਜਾਰੀ ਕੀਤੀ ਗਈ ਰਿਪੋਰਟ ਵਿੱਚ ਆਖਿਆ ਗਿਆ ਕਿ 2022-2023 ਦੇ ਸਮੁੱਚੇ ਸੀਜ਼ਨ ਦੌਰਾਨ ਬੱਚਿਆਂ ਦੀਆਂ ਹੋਈਆਂ ਕੁੱਲ ਮੌਤਾਂ ਵਿੱਚੋਂ ਅੱਧੀਆਂ ਇਸ ਸੰਕ੍ਰਮਣ ਕਾਰਨ ਹੋਈਆਂ। ਇਹ ਵੀ ਆਖਿਆ ਗਿਆ ਕਿ ਗਰੁੱਪ ਏ ਸਟਰੈਪਟੋਕੋਕਲ ਡਜ਼ੀਜ਼ ਦੇ ਮਾਮਲੇ 18 ਸਾਲ ਤੋਂ ਘੱਟ ਉਮਰ ਦੇ ਲੋਕਾਂ ਵਿੱਚ ਨਵੰਬਰ ਦੇ ਮੁਕਾਬਲੇ ਦਸੰਬਰ ਵਿੱਚ ਦੁੱਗਣੇ ਪਾਏ ਗਏ।

ਗਰੁੱਪ ਏ ਸਟਰੈਪ ਅਜਿਹੀ ਇਨਫੈਕਸ਼ਨ ਹੈ ਜਿਹੜੀ ਬੈਕਟੀਰੀਆ ਕਾਰਨ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਦੇ ਸਿੱਧੇ ਸੰਪਰਕ ਵਿੱਚ ਆਉਣ ਕਾਰਨ ਨੱਕ, ਗਲੇ, ਸਾਹ ਸਬੰਧੀ ਡਰੌਪਲੈਟਸ ਜਾਂ ਜ਼ਖ਼ਮਾਂ ਦੇ ਸੰਪਰਕ ਵਿੱਚ ਆਉਣ ਕਾਰਨ ਫੈਲਦੀ ਹੈ। ਇਸ ਕਾਰਨ ਗਲਾ ਪੱਕ ਜਾਂਦਾ ਹੈ, ਸਕਿੱਨ ਦੀ ਇਨਫੈਕਸ਼ਨ ਹੋ ਜਾਂਦੀ ਹੈ ਜਿਵੇਂ ਕਿ ਇੰਪੈਟਿਗੋ ਤੇ ਸਕਾਰਲੈਟ ਫੀਵਰ ਆਦਿ ਵੀ ਹੋ ਸਕਦਾ ਹੈ। ਇਸ ਦਾ ਇਲਾਜ ਅਕਸਰ ਐਂਟੀਬਾਇਓਟਿਕ ਰਾਹੀਂ ਕੀਤਾ ਜਾਂਦਾ ਹੈ।

ਬਿਮਾਰੀ ਉਸ ਸਮੇਂ ਘਾਤਕ ਹੋ ਜਾਂਦੀ ਹੈ ਜਦੋਂ ਬੈਕਟੀਰੀਆ ਬਲੱਡ ਸਟਰੀਮ ਜਾਂ ਡੀਪ ਟਿਸ਼ੂ ਵਿੱਚ ਦਾਖਲ ਹੋ ਜਾਂਦਾ ਹੈ। ਪ੍ਰੋਵਿੰਸ਼ੀਅਲ ਹੈਲਥ ਏਜੰਸੀ ਨੇ ਆਖਿਆ ਕਿ ਇਸ ਕਾਰਨ ਨਿਮੋਨੀਆ, ਮੈਨਿਨਜਾਈਟਿਸ, ਸੈਪਟੀਸੇਮੀਆ ਤੇ ਹੋਰ ਗੰਭੀਰ ਬਿਮਾਰੀਆਂ ਹੋ ਜਾਂਦੀਆਂ ਹਨ ਤੇ ਜਿਨ੍ਹਾਂ ਨਾਲ ਜਾਨ ਨੂੰ ਖ਼ਤਰਾ ਖੜ੍ਹਾ ਹੋ ਸਕਦਾ ਹੈ।ਵਧੇਰੇ ਖਤਰਾ 0 ਤੋਂ 4 ਸਾਲ ਦੇ ਬੱਚਿਆਂ ਨੂੰ ਤੇ 65 ਸਾਲ ਤੇ ਇਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਹੁੰਦਾ ਹੈ।

## ਕਲਾਸਾਂ ਵਿੱਚ ਸੈੱਲਫੋਨਜ਼ ਦੀ ਵਰਤੋਂ ਸੀਮਤ ਕਰਨ ਦੇ ਹੱਕ ਵਿੱਚ ਟੀਡੀਐਸਬੀ ਟਰੱਸਟੀਜ਼ ਨੇ ਪਾਈ ਵੋਟ



ਟੋਰਾਂਟੋ, 18 ਜਨਵਰੀ (ਪੋਸਟ ਬਿਊਰੋ) : ਟੋਰਾਂਟੋ ਡਿਸਟ੍ਰਿਕਟ ਸਕੂਲ ਬੋਰਡ (ਟੀਡੀਐਸਬੀ) ਵੱਲੋਂ ਇੱਕ ਨਵੀਂ ਪਾਲਿਸੀ ਲਿਆਂਦੀ ਜਾਵੇਗੀ ਜਿਸ ਤਹਿਤ ਕਲਾਸਾਂ ਵਿੱਚ ਵਿਦਿਆਰਥੀਆਂ ਨੂੰ ਸੈੱਲਫੋਨ ਦੀ ਵਰਤੋਂ ਸੀਮਤ ਹੱਦ ਤੱਕ ਕਰਨ ਦਿੱਤੀ ਜਾਵੇਗੀ।

ਟੀਡੀਐਸਬੀ ਦੀ ਗਵਰਨੈਂਸ ਐਂਡ ਪਾਲਿਸੀ ਕਮੇਟੀ ਦੀ ਬੁੱਧਵਾਰ ਰਾਤ ਨੂੰ ਹੋਈ ਮੀਟਿੰਗ ਦੌਰਾਨ ਟਰੱਸਟੀਜ਼ ਵੱਲੋਂ ਇੱਕ ਮਤਾ ਪਾਸ ਕੀਤਾ ਗਿਆ ਹੈ ਜਿਸ ਤਹਿਤ ਨਵੀਂ ਸੈੱਲਫੋਨ ਤੇ ਮੋਬਾਈਲ ਡਿਵਾਈਸ ਪਾਲਿਸੀ ਤਿਆਰ ਕੀਤੀ ਗਈ ਹੈ।ਇਹ ਮਤਾ ਵਾਰਡ 11 ਦੀ ਡੌਨ ਵੈਲੀ ਵੈਸਟ ਟਰੱਸਟੀ ਰੇਸ਼ਲ ਚਰਨੌਸ ਲਿਨ ਵੱਲੋਂ ਪੇਸ਼ ਕੀਤਾ ਗਿਆ ਜਿਸ ਵਿੱਚ ਆਖਿਆ ਗਿਆ ਕਿ ਲਰਨਿੰਗ ਦੌਰਾਨ ਸੈੱਲਫੋਨ ਦੀ ਵਰਤੋਂ ਫਾਇਦੇਮੰਦ ਨਹੀਂ ਹੈ। ਇਸ ਦੇ ਨਾਲ ਹੀ ਬੱਚਿਆਂ ਤੇ ਟੀਨੇਜਰ ਦੀ ਮੈਂਟਲ ਹੈਲਥ, ਸਿਹਤ ਤੇ ਅਕਾਦਮਿਕ ਸਫਲਤਾ ਉੱਤੇ ਵੀ ਨਕਾਰਾਤਮਕ ਅਸਰ ਪੈਂਦਾ ਹੈ।

ਮਤਾ ਪੇਸ਼ ਕਰਦੇ ਸਮੇਂ ਲਿਨ ਨੇ ਆਖਿਆ ਕਿ ਹੁਣ ਸਮਾਂ ਹੈ ਕਿ ਨਵੀਂ ਪਾਲਿਸੀ ਕਾਇਮ ਕੀਤੀ ਜਾਵੇ। ਉਨ੍ਹਾਂ ਆਖਿਆ ਕਿ ਟਰਸਟੀ ਰਹਿੰਦਿਆਂ ਜਿਹੜੀ ਗੱਲ ਉਨ੍ਹਾਂ ਦੇ ਧਿਆਨ ਵਿੱਚ ਆਈ ਉਹ ਇਹ ਸੀ ਕਿ ਮਹਾਂਮਾਰੀ ਤੋਂ ਬਾਅਦ ਜਦੋਂ ਤੋਂ ਸਕੂਲ ਦੁਬਾਰਾ ਖੁੱਲ੍ਹੇ ਹਨ, ਮਾਪੇ ਤੇ ਟੀਚਰ ਬੱਚਿਆਂ ਵੱਲੋਂ ਕੀਤੀ ਜਾਣ ਵਾਲੀ ਮੋਬਾਈਲ ਡਿਵਾਈਸਿਜ਼, ਸੈੱਲ ਫੋਨਜ਼, ਸਮਾਰਟਫੋਨਜ਼ ਦੀ ਵਰਤੋਂ ਨੂੰ ਲੈ ਕੇ ਬਹੁਤ ਪਰੇਸ਼ਾਨ ਹਨ।ਇਸ ਨਾਲ ਬੱਚਿਆਂ ਦੀ ਲਰਨਿੰਗ ਤੇ ਕਲਾਸਾਂ ਉੱਤੇ ਮਾੜਾ ਪ੍ਰਭਾਵ ਪੈ ਰਿਹਾ ਹੈ।




## ਕੈਨੇਡੀਅਨ ਵਰਲਡ ਚੈਂਪੀਅਨ ਪੋਲ ਵਾਲਟਰ ਸ਼ਾਅਨ ਬਾਰਬਰ ਨਿੱਕੀ ਉਮਰੇ ਜਹਾਨੋਂ ਤੁਰ ਗਿਆ



ਓਟਵਾ, 18 ਜਨਵਰੀ (ਪੋਸਟ ਬਿਊਰੋ) : ਕੈਨੇਡਾ ਦਾ ਸਾਬਕਾ ਵਰਲਡ ਚੈਂਪੀਅਨ ਪੋਲ ਵਾਲਟਰ ਸ਼ਾਅਨ ਬਾਰਬਰ 29 ਸਾਲ ਦੀ ਉਮਰ ਵਿੱਚ ਹੀ ਇਸ ਸੰਸਾਰ ਨੂੰ ਅਲਵਿਦਾ ਆਖ ਗਿਆ।

ਬਾਰਬਰ ਦੀ ਮੌਤ ਬੁੱਧਵਾਰ ਰਾਤ ਨੂੰ ਹੋਈ। ਇਹ ਜਾਣਕਾਰੀ ਉਸ ਦੇ ਏਜੰਟ ਪਾਲ ਡੋਇਲ ਨੇ ਦਿੱਤੀ। ਉਸ ਦੀ ਮੌਤ ਦੇ ਕਾਰਨ ਦਾ ਖੁਲਾਸਾ ਨਹੀਂ ਕੀਤਾ ਗਿਆ ਹੈ। ਪਰ ਪ੍ਰਾਪਤ ਜਾਣਕਾਰੀ ਅਨੁਸਾਰ ਬਾਰਬਰ ਕਿਸੇ ਬਿਮਾਰੀ ਨਾਲ ਜੂਝ ਰਿਹਾ ਸੀ।ਉਸ ਦੇ ਇੰਸਟਾਗ੍ਰਾਮ ਉੱਤੇ ਮੈਨੇਜਮੈਂਟ ਪੇਜ ਉੱਤੇ ਡੌਇਲ ਨੇ ਬਾਰਬਰ ਨੂੰ ਅਜਿਹਾ ਦੋਸਤ ਦੱਸਿਆ ਜਿਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਨੌਰਥ ਮੈਸੇਡੋਨੀਆ ਦੇ ਲੌਂਗ ਜੰਪਰ ਐਂਡਰੀਆਸ ਤਰਾਜ਼ਕੋਵਸਕੀ ਨੇ ਇੰਸਟਾਗ੍ਰਾਮ ਪੋਸਟ ਉੱਤੇ ਲਿਖਿਆ ਕਿ ਉਹ ਬਹੁਤ ਜਲਦੀ ਸਾਨੂੰ ਛੱਡ ਗਿਆ।

ਉਸ ਦੇ ਵੱਡੀ ਗਿਣਤੀ ਫੈਨਜ਼ ਵੱਲੋਂ ਸੋਸ਼ਲ ਮੀਡੀਆ ਉੱਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਬਾਰਬਰ ਦਾ ਜਨਮ ਲਾਸ ਕਰੂਸਿਜ਼, ਨਿਊ ਮੈਕਸਿਕੋ ਵਿੱਚ ਹੋਇਆ ਸੀ ਪਰ ਉਸ ਕੋਲ ਕੈਨੇਡਾ ਤੇ ਅਮਰੀਕਾ ਦੀ ਦੋਹਰੀ ਨਾਗਰਿਕਤਾ ਸੀ।

## ਦੋ ਗੱਡੀਆਂ ਵੱਲੋਂ ਟੱਕਰ ਮਾਰੇ ਜਾਣ ਕਾਰਨ 15 ਸਾਲਾ ਲੜਕੇ ਦੀ ਹੋਈ ਮੌਤ



ਵਾਅਨ, 18 ਜਨਵਰੀ (ਪੋਸਟ ਬਿਊਰੋ) : ਵੀਰਵਾਰ ਸਵੇਰੇ ਵਾਅਨ ਵਿੱਚ ਦੋ ਗੱਡੀਆਂ ਵੱਲੋਂ ਟੱਕਰ ਮਾਰੇ ਜਾਣ ਕਾਰਨ 15 ਸਾਲਾ ਲੜਕੇ ਦੀ ਮੌਤ ਹੋ ਗਈ। ਇਹ ਜਾਣਕਾਰੀ ਪੁਲਿਸ ਵੱਲੋਂ ਦਿੱਤੀ ਗਈ।

ਯੌਰਕ ਰੀਜਨਲ ਪੁਲਿਸ ਨੂੰ ਸਵੇਰੇ 7:30 ਵਜੇ ਤੋਂ ਪਹਿਲਾਂ ਮੇਜਰ ਮੈਕੈਂਜ਼ੀ ਡਰਾਈਵ ਦੇ ਦੱਖਣ ਵੱਲੋਂ ਵੈਸਟਨ ਰੋਡ ਤੇ ਵਿੱਲਾ ਰੌਏਲ ਐਵਨਿਊ ਉੱਤੇ ਸੱਦਿਆ ਗਿਆ। ਟੀਨੇਜਰ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਦੀ ਮੌਤ ਹੋ ਗਈ। ਯੌਰਕ ਪੁਲਿਸ ਕਾਂਸਟੇਬਲ ਲੀਜ਼ਾ ਮੋਸਕਾਲੁਕ ਨੇ ਦੱਸਿਆ ਕਿ ਉਨ੍ਹਾਂ ਮੁਤਾਬਕ ਇਹ ਟੀਨੇਜਰ ਆਪਣੇ ਸਕੂਲ ਜਾ ਰਿਹਾ ਸੀ ਜਦੋਂ ਗੱਡੀਆਂ ਵੱਲੋਂ ਟੱਕਰ ਮਾਰੇ ਜਾਣ ਕਾਰਨ ਉਹ ਜ਼ਖ਼ਮੀ ਹੋ ਗਿਆ।

ਪੁਲਿਸ ਨੇ ਦੱਸਿਆ ਕਿ ਹਾਦਸੇ ਵਿੱਚ ਸ਼ਾਮਲ ਗੱਡੀਆਂ ਮੌਕੇ ਉੱਤੇ ਮੌਜੂਦ ਰਹੀਆਂ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਤੇਜ਼ ਰਫਤਾਰ ਗੱਡੀ ਕਾਰਨ ਹੋਏ ਹਾਦਸੇ ਵਿੱਚ ਚਾਰ ਜ਼ਖ਼ਮੀ, 2 ਵਿਅਕਤੀਆਂ ਦੀ ਭਾਲ ਕਰ ਰਹੀ ਹੈ ਪੁਲਿਸ




ਟੋਰਾਂਟੋ, 18 ਜਨਵਰੀ (ਪੋਸਟ ਬਿਊਰੋ) : ਵੀਰਵਾਰ ਰਾਤ ਨੂੰ ਗਾਰਡੀਨਰ ਐਕਸਪ੍ਰੈੱਸਵੇਅ ਉੱਤੇ ਕਈ ਗੱਡੀਆਂ ਦੇ ਆਪਸ ਵਿੱਚ ਟਕਰਾਉਣ ਮਗਰੋਂ ਪੁਲਿਸ ਦੋ ਵਿਅਕਤੀਆਂ ਦੀ ਭਾਲ ਕਰ ਰਹੀ ਹੈ ਜਿਨ੍ਹਾਂ ਕਾਰਨ ਇਹ ਹਾਦਸਾ ਵਾਪਰਿਆ।

ਜਾਂਚਕਾਰਾਂ ਨੇ ਦੱਸਿਆ ਕਿ ਕਿਊਬਿਕ ਦੀ ਲਾਇਸੰਸ ਪਲੇਟ ਵਾਲੀ ਮਰਸਡੀਜ਼ ਹਾਈਵੇਅ ਉੱਤੇ ਤੇਜ਼ ਰਫਤਾਰ ਨਾਲ ਜਾ ਰਹੀ ਸੀ ਤੇ ਸ਼ਾਮੀਂ 7:30 ਵਜੇ ਤੋਂ ਪਹਿਲਾਂ ਫੋਰਟ ਯੌਰਕ ਬੁਲੇਵਾਰਡ ਨੇੜੇ ਪੂਰਬ ਵਾਲੀਆਂ ਲੇਨਜ਼ ਵਿੱਚ ਚਾਰ ਗੱਡੀਆਂ ਨਾਲ ਟਕਰਾ ਗਈ।ਪਹਿਲਾਂ ਪੁਲਿਸ ਨੂੰ ਲੱਗਿਆ ਕਿ ਦੋ ਗੱਡੀਆਂ ਵੱਲੋਂ ਆਪਸ ਵਿੱਚ ਰੇਸ ਲਗਾਏ ਜਾਣ ਕਾਰਨ ਇਹ ਹਾਦਸਾ ਵਾਪਰਿਆ ਪਰ ਡੈਸ਼ਕੈਮ ਫੁਟੇਜ ਦਾ ਮੁਲਾਂਕਣ ਕਰਨ ਤੇ ਚਸ਼ਮਦੀਦਾਂ ਨਾਲ ਗੱਲਬਾਤ ਕਰਨ ਤੋਂ ਬਾਅਦ ਇਹ ਪਾਇਆ ਗਿਆ ਕਿ ਇੱਕ ਤੇਜ਼ ਰਫਤਾਰ ਗੱਡੀ ਕਾਰਨ ਹੀ ਇਹ ਹਾਦਸਾ ਵਾਪਰਿਆ।

ਇਸ ਹਾਦਸੇ ਕਾਰਨ ਮਰਸਡੀਜ਼ ਪਲਟ ਗਈ ਤੇ ਉਸ ਨੂੰ ਅੱਗ ਲੱਗ ਗਈ। ਗੱਡੀ ਵਿੱਚ ਸਵਾਰ ਦੋ ਵਿਅਕਤੀ ਪੈਦਲ ਹੀ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਦੋਵਾਂ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ। ਪੁਲਿਸ ਨੇ ਦੱਸਿਆ ਕਿ ਚਾਰ ਵਿਅਕਤੀਆਂ ਨੂੰ ਮਾਮੂਲੀ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਡਿਸਪਲੇਅ ਤੋਂ ਸਮਾਨ ਚੋਰੀ ਕਰਨ ਵਾਲੇ 3 ਮਸ਼ਕੂਕਾਂ ਦੀ ਭਾਲ ਵਿਚ ਪੁਲਿਸ




ਟੋਰਾਂਟੋ, 18 ਜਨਵਰੀ (ਪੋਸਟ ਬਿਊਰੋ) : ਬੁੱਧਵਾਰ ਰਾਤ ਨੂੰ ਸ਼ੇਰਵੇਅ ਗਾਰਡਨਜ਼ ਵਿਖੇ ਸਥਿਤ ਸਟੋਰ ਉੱਤੇ ਡਾਕਾ ਮਾਰਨ ਵਾਲੇ ਤਿੰਨ ਮਸ਼ਕੂਕਾਂ ਦੀ ਟੋਰਾਂਟੋ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ।

ਸ਼ਾਮੀਂ 5:21 ਦੇ ਨੇੜੇ ਤੇੜੇ ਪੁਲਿਸ ਅਧਿਕਾਰੀਆਂ ਨੂੰ ਇਹ ਰਿਪੋਰਟਾਂ ਮਿਲੀਆਂ ਕਿ ਇਟੋਬੀਕੋ ਮਾਲ ਵਿੱਚ ਤਿੰਨ ਵਿਅਕਤੀ ਡਿਸਪਲੇਅ ਕੇਸ ਤੋੜ ਕੇ ਸਮਾਨ ਚੋਰੀ ਕਰ ਰਹੇ ਹਨ। ਪੁਲਿਸ ਨੇ ਇਹ ਨਹੀਂ ਦੱਸਿਆ ਕਿ ਕਿਸ ਸਟੋਰ ਨੂੰ ਨਿਸ਼ਾਨਾ ਬਣਾਇਆ ਗਿਆ। ਇਸ ਘਟਨਾਕ੍ਰਮ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

ਮਸ਼ਕੂਕਾਂ ਸਬੰਧੀ ਜਾਰੀ ਕੀਤੇ ਗਏ ਵੇਰਵੇ ਅਨੁਸਾਰ ਇੱਕ ਵਿਅਕਤੀ ਬਲੈਕ ਲੜਕਾ ਸੀ, ਜਿਸ ਦੀ ਉਮਰ 18 ਸਾਲ ਦੇ ਨੇੜੇ ਤੇੜੇ ਸੀ, ਕੱਦ ਛੇ ਫੁੱਟ ਤੇ ਕੱਦਕਾਠੀ ਦਰਮਿਆਨੀ ਸੀ, ਉਸ ਨੇ ਕਾਲੇ ਰੰਗ ਦੇ ਕੱਪੜੇ ਪਾਏ ਹੋਏ ਸੀ ਤੇ ਕਾਲੇ ਰੰਗ ਦਾ ਮਾਸਕ ਲਾਇਆ ਹੋਇਆ ਸੀ। ਦੂਜਾ ਮਸ਼ਕੂਕ ਵੀ ਕਾਲਾ ਲੜਕਾ ਸੀ, ਜਿਸਦੀ ਉਮਰ 18 ਸਾਲ ਦੇ ਨੇੜੇ ਤੇੜੇ ਤੇ ਕੱਦ ਛੇ ਫੁੱਟ ਸੀ, ਉਸ ਨੇ ਚਿੱਟੇ ਰੰਗ ਦੇ ਕੱਪੜੇ ਪਾਏ ਹੋਏ ਸਨ। ਤੀਜੇ ਮਸ਼ਕੂਕ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ। ਪੁਲਿਸ ਨੇ ਦੱਸਿਆ ਕਿ ਇਹ ਤਿੰਨੇ ਲਾਲ ਰੰਗ ਦੀ ਸੇਡਾਨ ਵਿੱਚ ਮੌਕੇ ਤੋਂ ਫਰਾਰ ਹੋਏ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

MagGas Medical Brampton
MGM
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜ਼ੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
647-998-7500
ਬਲਵਿੰਦਰ

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Ph: 416.724.5000
7003 Steeles Ave. W, Unit 10, Etobicoke, ON, M9W 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Power of Attorney/Affidavit /Attestations
Real Estate
Business Closing
Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
Cell: 416-841-4218 Tel: 905-216-5563
The Mortgage Centre
AvonFinancial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਬਰੈਂਪਟਨ ਵਿੱਚ ਚੱਲੀ ਗੋਲੀ, 20 ਸਾਲਾ ਵਿਅਕਤੀ ਦੀ ਹੋਈ ਮੌਤ



ਬਰੈਂਪਟਨ, 18 ਜਨਵਰੀ (ਪੋਸਟ ਬਿਊਰੋ) : ਬਰੈਂਪਟਨ ਵਿੱਚ ਗੋਲੀ ਚੱਲਣ ਤੋਂ ਬਾਅਦ ਇੱਕ 20 ਸਾਲਾ ਵਿਅਕਤੀ ਦੀ ਮੌਤ ਹੋ ਗਈ।

ਪੀਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਵੀਰਵਾਰ ਸ਼ਾਮੀਂ 7:00 ਵਜੇ ਉਨ੍ਹਾਂ ਨੂੰ ਚਿੰਗੁਆਕਸੇ ਰੋਡ ਤੇ ਕੁਈਨ ਸਟਰੀਟ ਵੈਸਟ ਨੇੜੇ ਵਿਵੀਅਨਜ਼ ਕ੍ਰੀਸੈਂਟ ਤੇ ਸਟੌਕਜ਼ ਰੋਡ ਇਲਾਕੇ ਵਿੱਚ ਸੱਦਿਆ ਗਿਆ। ਜਦੋਂ ਪੁਲਿਸ ਅਧਿਕਾਰੀ ਮੌਕੇ ਉੱਤੇ ਪਹੁੰਚੇ ਤਾਂ ਉਨ੍ਹਾਂ ਨੂੰ ਇੱਕ ਕਾਰ ਵਿੱਚ ਇੱਕ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਨਾਜ਼ੁਕ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਕਾਂਸਟੇਬਲ ਟਾਇਲਰ ਬੈਲ-ਮੌਰੇਨਾ ਨੇ ਆਖਿਆ ਕਿ ਇਸ ਸਮੇਂ ਸਾਡੇ ਕੋਲ ਮਸ਼ਕੂਕ ਜਾਂ ਮਸ਼ਕੂਕਾਂ ਸਬੰਧੀ ਕੋਈ ਜਾਣਕਾਰੀ ਨਹੀਂ ਹੈ। ਇਹ ਕਿਆਫੇ ਲਾਏ ਜਾ ਰਹੇ ਹਨ ਕਿ ਮੌਕੇ ਤੋਂ ਕਿਸੇ ਗੱਡੀ ਨੂੰ ਫਰਾਰ ਹੁੰਦਿਆਂ ਵੇਖਿਆ ਗਿਆ ਪਰ ਉਸ ਬਾਰੇ ਅਜੇ ਸਪਸ਼ਟ ਜਾਣਕਾਰੀ ਨਹੀਂ ਦਿੱਤੀ ਜਾ ਸਕਦੀ।ਪੁਲਿਸ ਨੂੰ ਇਹ ਵੀ ਲੱਗ ਰਿਹਾ ਹੈ ਕਿ ਇਸ ਵਿਅਕਤੀ ਨੂੰ ਸੋਚ ਸਮਝ ਕੇ ਨਿਸ਼ਾਨਾ ਬਣਾਇਆ ਗਿਆ।

# ਬਰੈਂਪਟਨ ਵਿੱਚ ਚੱਲੀ ਗੋਲੀ, ਇੱਕ ਜ਼ਖ਼ਮੀ




ਬਰੈਂਪਟਨ, 18 ਜਨਵਰੀ (ਪੋਸਟ ਬਿਊਰੋ) : ਬਰੈਂਪਟਨ ਵਿੱਚ ਚੱਲੀ ਗੋਲੀ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਪੀਲ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਵੀਰਵਾਰ ਨੂੰ ਰਾਤੀਂ 7:00 ਵਜੇ ਤੋਂ ਬਾਅਦ ਚਿੰਗੁਆਕਸੀ ਰੋਡ ਤੇ ਕੁਈਨ ਸਟਰੀਟ ਵੈਸਟ ਨੇੜੇ ਵਿਵੀਅਨਜ਼ ਕ੍ਰੀਸੈਂਟ ਤੇ ਸਟੌਕਜ਼ ਰੋਡ ਇਲਾਕੇ ਵਿੱਚ ਸੱਦਿਆ ਗਿਆ। ਜਦੋਂ ਪੁਲਿਸ ਮੌਕੇ ਉੱਤੇ ਪਹੁੰਚੀ ਤਾਂ ਉਨ੍ਹਾਂ ਨੂੰ ਇੱਕ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਨਾਜ਼ੁਕ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ।ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਹੈ।

# ਟੈਕਸਾਸ 'ਚ ਨੌਜਵਾਨ ਨੇ ਆਪਣੀ 8 ਸਾਲਾ ਭਤੀਜੀ ਸਮੇਤ ਚਾਰ ਲੋਕਾਂ ਨੂੰ ਮਾਰੀ ਗੋਲੀ, ਫਿਰ ਕੀਤੀ ਖੁਦਕੁਸ਼ੀ

ਟੈਕਸਾਸ, 18 ਜਨਵਰੀ (ਪੋਸਟ ਬਿਊਰੋ): ਹਿਊਸਟਨ ਦੇ ਉਪਨਗਰ ਤੋਂ ਇਕ ਦਿਲ ਦਹਿਲਾ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ। ਅਧਿਕਾਰੀਆਂ ਨੇ ਬੁੱਧਵਾਰ ਨੂੰ ਦੱਸਿਆ ਕਿ ਇੱਕ ਵਿਅਕਤੀ ਨੇ ਆਪਣੀ ਅੱਠ ਸਾਲ ਦੀ ਭਤੀਜੀ ਸਮੇਤ ਆਪਣੀ ਦੂਰ ਰਹਿ ਗਈ ਪਤਨੀ ਅਤੇ ਤਿੰਨ ਹੋਰ ਰਿਸ਼ਤੇਦਾਰਾਂ ਨੂੰ ਗੋਲੀ ਮਾਰ ਦਿੱਤੀ। ਇਸ ਤੋਂ ਬਾਅਦ ਉਸ ਨੇ ਖੁਦ ਨੂੰ ਵੀ ਗੋਲੀ ਮਾਰ ਲਈ। ਫੋਰਟ ਬੇਂਡ ਕਾਉਂਟੀ ਦੇ ਸ਼ੈਰਿਫ ਐਰਿਕ ਫੈਗਨ ਨੇ ਇਕ ਨਿਊਜ਼ ਕਾਨਫਰੰਸ ਨੂੰ ਦੱਸਿਆ ਕਿ 46 ਸਾਲਾ ਐਲਰਿਕ ਸ਼ੌਨ ਬੈਰੇਟ ਨੇ ਸ਼ਨੀਵਾਰ ਸਵੇਰੇ 7 ਵਜੇ ਤੋਂ ਪਹਿਲਾਂ ਘਰ 'ਤੇ ਗੋਲੀਬਾਰੀ ਕੀਤੀ।



ਫੈਗਨ ਨੇ ਕਿਹਾ ਕਿ ਘਰ ਪਹੁੰਚਣ ਤੋਂ ਬਾਅਦ, ਬੈਰੇਟ ਨੇ ਆਪਣੀ ਵਿਛੜੀ ਪਤਨੀ ਨੂੰ ਕਿਹਾ ਕਿ ਉਹ ਦੁਬਾਰਾ ਮਿਲਣਾ ਚਾਹੁੰਦਾ ਹੈ, ਪਰ ਉਸਨੇ ਇਨਕਾਰ ਕਰ ਦਿੱਤਾ। ਫੈਗਨ ਨੇ ਕਿਹਾ ਕਿ ਘਰ ਵਿੱਚੋਂ ਇੱਕ 13 ਸਾਲ ਦੇ ਲੜਕੇ ਦੁਆਰਾ ਇੱਕ ਕਾਲ ਪ੍ਰਾਪਤ ਕਰਨ ਤੋਂ ਬਾਅਦ ਅਧਿਕਾਰੀਆਂਨ ਨੇ ਕਾਰਵਾਈ ਕੀਤੀ। ਸ਼ੈਰਿਫ ਦੇ ਦਫਤਰ ਨੇ ਕਿਹਾ ਕਿ ਨੌਜਵਾਨ ਬੈਰੇਟ ਦਾ ਭਤੀਜਾ ਹੈ।

ਸ਼ੈਰਿਫ ਦੇ ਦਫਤਰ ਨੇ ਕਿਹਾ ਕਿ 13 ਸਾਲਾ ਅਤੇ ਬੈਰੇਟ ਦਾ 7 ਸਾਲ ਦਾ ਬੱਚਾ ਗੋਲੀਬਾਰੀ ਦੌਰਾਨ ਲੁਕਿਆ ਹੋਇਆ ਸੀ, ਇਸ ਲਈ ਉਨ੍ਹਾਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ। ਸ਼ੈਰਿਫ ਦੇ ਦਫਤਰ ਅਨੁਸਾਰ, ਆਪਣੀ ਭਤੀਜੀ ਅਤੇ 44 ਸਾਲਾ ਪਤਨੀ ਨੂੰ ਮਾਰਨ ਤੋਂ ਇਲਾਵਾ, ਬੈਰੇਟ ਨੇ ਆਪਣੇ 43 ਸਾਲਾ ਭਰਾ ਅਤੇ 46 ਸਾਲਾ ਭੈਣ ਨੂੰ ਵੀ ਮਾਰ ਦਿੱਤਾ। ਉਨ੍ਹਾਂ ਕਿਹਾ ਕਿ ਉਹ ਮਾਰੇ ਗਏ ਲੋਕਾਂ ਦੇ ਨਾਂ ਤੁਰੰਤ ਜਾਰੀ ਨਹੀਂ ਕਰ ਰਹੇ ਹਨ।

# ਥਾਈਲੈਂਡ ਦੀ ਪਟਾਕਾ ਫੈਕਟਰੀ 'ਚ ਜ਼ਬਰਦਸਤ ਧਮਾਕਾ, 15 ਲੋਕਾਂ ਦੀ ਮੌਤ



ਬੈਂਕਾਕ, 18 ਜਨਵਰੀ (ਪੋਸਟ ਬਿਊਰੋ): ਥਾਈਲੈਂਡ 'ਚ ਪਟਾਕੇ ਬਣਾਉਣ ਵਾਲੀ ਫੈਕਟਰੀ 'ਚ ਜ਼ਬਰਦਸਤ ਧਮਾਕਾ ਹੋਇਆ ਹੈ। ਇਸ ਜ਼ਬਰਦਸਤ ਧਮਾਕੇ ਕਾਰਨ 15 ਲੋਕਾਂ ਦੇ ਮਾਰੇ ਜਾਣ ਦੀ ਖਬਰ ਹੈ। ਰਿਪੋਰਟ ਦੇ ਅਨੁਸਾਰ, ਇੱਕ ਬਚਾਅ ਕਰਮਚਾਰੀ ਦਾ ਕਹਿਣਾ ਹੈ ਕਿ ਇਹ ਧਮਾਕਾ ਮੱਧ ਥਾਈਲੈਂਡ ਵਿੱਚ ਇੱਕ ਪਟਾਕਿਆਂ ਦੀ ਫੈਕਟਰੀ ਵਿੱਚ ਹੋਇਆ। ਇਸ ਧਮਾਕੇ 'ਚ ਘੱਟੋ-ਘੱਟ 15 ਲੋਕਾਂ ਦੀ ਮੌਤ ਹੋ ਗਈ। ਮੌਤਾਂ ਦੀ ਇਹ ਗਿਣਤੀ ਹੋਰ ਵਧ ਸਕਦੀ ਹੈ। ਮੀਡੀਆ ਰਿਪੋਰਟਾਂ ਮੁਤਾਬਕ ਸੁਫਾਨ ਬੁਰੀ ਸੂਬੇ ਦੇ ਸਥਾਨਕ ਬਚਾਅ ਕਰਮਚਾਰੀਆਂ ਨੇ ਫੋਟੋਆਂ ਆਨਲਾਈਨ ਪੋਸਟ ਕੀਤੀਆਂ ਹਨ। ਦੇਖਿਆ ਜਾਵੇ ਤਾਂ ਫੈਕਟਰੀ ਪੂਰੀ ਤਰ੍ਹਾਂ ਤਬਾਹ ਹੋ ਚੁੱਕੀ ਹੈ।

ਥਾਈਲੈਂਡ 'ਚ ਪਟਾਕਿਆਂ ਦੀ ਫੈਕਟਰੀ 'ਚ ਪਹਿਲਾਂ ਵੀ ਵੱਡਾ ਧਮਾਕਾ ਹੋ ਚੁੱਕਾ ਹੈ। ਪਿਛਲੇ ਸਾਲ ਜੁਲਾਈ ਵਿੱਚ ਥਾਈਲੈਂਡ ਵਿੱਚ ਪਟਾਕੇ ਬਣਾਉਣ ਵਾਲੀ ਫੈਕਟਰੀ ਵਿੱਚ ਵੱਡਾ ਧਮਾਕਾ ਹੋਇਆ ਸੀ। ਇਸ ਧਮਾਕੇ 'ਚ 9 ਲੋਕਾਂ ਦੀ ਮੌਤ ਹੋ ਗਈ ਸੀ ਅਤੇ 115 ਤੋਂ ਜ਼ਿਆਦਾ ਲੋਕ ਜ਼ਖਮੀ ਹੋ ਗਏ ਸਨ। ਇਹ ਧਮਾਕਾ ਨਰਾਥੀਵਾਸ ਸੂਬੇ ਦੇ ਸੁੰਗਈ ਕੋਲੋਕ ਸ਼ਹਿਰ ਵਿੱਚ ਇੱਕ ਪਟਾਕਾ ਫੈਕਟਰੀ ਵਿੱਚ ਹੋਇਆ ਸੀ।

# ਮਣੀਪੁਰ ਦੇ ਥੌਬਲ ਵਿੱਚ ਭੀੜ ਦੇ ਹਮਲੇ ਵਿੱਚ ਬੀਐਸਐਫ ਦੇ ਤਿੰਨ ਜਵਾਨ ਜ਼ਖ਼ਮੀ, ਕਰਫਿਊ ਲਗਾਇਆ ਗਿਆ

ਥੌਬਲ, 18 ਜਨਵਰੀ (ਪੋਸਟ ਬਿਊਰੋ): ਮਣੀਪੁਰ ਦੇ ਥੌਬਲ ਜ਼ਿਲ੍ਹੇ ਵਿੱਚ ਬੰਦੂਕਧਾਰੀਆਂ ਨੇ ਸੁਰੱਖਿਆ ਬਲਾਂ ਉੱਤੇ ਗੋਲੀਬਾਰੀ ਕੀਤੀ, ਜਿਸ ਵਿੱਚ ਘੱਟੋ-ਘੱਟ ਤਿੰਨ ਸੀਮਾ ਸੁਰੱਖਿਆ ਬਲ (ਬੀਐਸਐਫ) ਦੇ ਜਵਾਨ ਜ਼ਖ਼ਮੀ ਹੋ ਗਏ। ਪੁਲਸ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਿਸ ਨੇ ਇੱਕ ਬਿਆਨ ਵਿੱਚ ਕਿਹਾ ਕਿ ਬੁੱਧਵਾਰ ਦੇਰ ਰਾਤ, ਭੀੜ ਵਿੱਚ ਕੁਝ ਬੰਦੂਕਧਾਰੀਆਂ ਨੇ ਥੌਬਲ ਪੁਲਿਸ ਹੈੱਡਕੁਆਰਟਰ ਵਿੱਚ ਭੰਨਤੋੜ ਕਰਨ ਦੀ ਕੋਸ਼ਿਸ਼ ਕੀਤੀ ਅਤੇ ਸੁਰੱਖਿਆ ਕਰਮਚਾਰੀਆਂ 'ਤੇ ਗੋਲੀਬਾਰੀ ਕੀਤੀ। ਬਿਆਨ ਦੇ ਅਨੁਸਾਰ, ਗੁੱਸੇ ਵਿੱਚ ਆਈ ਭੀੜ ਨੇ ਥੌਬਲ ਜ਼ਿਲ੍ਹੇ ਦੇ ਖੰਗਾਬੋਕ ਵਿੱਚ ਤੀਜੀ ਭਾਰਤੀ ਰਿਜ਼ਰਵ ਬਟਾਲੀਅਨ ਨੂੰ ਨਿਸ਼ਾਨਾ ਬਣਾਇਆ, ਸੁਰੱਖਿਆ ਬਲਾਂ ਨੇ ਜਵਾਬੀ ਕਾਰਵਾਈ ਕੀਤੀ ਅਤੇ ਉਨ੍ਹਾਂ ਨੂੰ ਖਦੇੜਿਆ।



ਭੀੜ ਵਿੱਚੋਂ ਹਥਿਆਰਬੰਦ ਲੋਕਾਂ ਨੇ ਗੋਲੀਆਂ ਚਲਾ ਦਿੱਤੀਆਂ, ਜਿਸ ਵਿੱਚ ਬੀਐਸਐਫ ਦੇ ਤਿੰਨ ਜਵਾਨ ਜ਼ਖ਼ਮੀ ਹੋ ਗਏ। ਬਿਆਨ ਮੁਤਾਬਕ ਤਿੰਨਾਂ ਦੀ ਪਛਾਣ ਕਾਂਸਟੇਬਲ ਗੌਰਵ ਕੁਮਾਰ, ਏਐਸਆਈ ਸੋਬਰਾਮ ਸਿੰਘ ਅਤੇ ਏਐਸਆਈ ਰਾਮਜੀ ਵਜੋਂ ਹੋਈ ਹੈ। ਉਨ੍ਹਾਂ ਨੂੰ ਨਿੱਜੀ ਹਸਪਤਾਲ ਲਿਜਾਇਆ ਗਿਆ।

ਇਸ ਘਟਨਾ ਤੋਂ ਬਾਅਦ ਇਲਾਕੇ ਵਿਚ ਕਰਫਿਊ ਲਗਾ ਦਿੱਤਾ ਗਿਆ ਹੈ। ਹਾਲਾਂਕਿ, ਸਿਹਤ, ਮੀਡੀਆ ਅਤੇ ਅਦਾਲਤਾਂ ਦੇ ਕੰਮ ਨਾਲ ਜੁੜੇ ਲੋਕਾਂ ਅਤੇ ਹਵਾਈ ਅੱਡਿਆਂ 'ਤੇ ਜਾਣ ਵਾਲੇ ਲੋਕਾਂ ਸਮੇਤ ਜ਼ਰੂਰੀ ਸੇਵਾਵਾਂ ਨਾਲ ਜੁੜੇ ਲੋਕਾਂ ਨੂੰ ਕਰਫਿਊ ਤੋਂ ਛੋਟ ਦਿੱਤੀ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਅੱਤਵਾਦੀਆਂ ਨੇ ਬੁੱਧਵਾਰ ਨੂੰ ਸੂਬੇ ਦੇ ਟੇਂਗਨੋਪਾਲ ਜ਼ਿਲੇ ਦੇ ਸਰਹੱਦੀ ਕਸਬੇ ਮੋਰੇਹ 'ਚ ਸੁਰੱਖਿਆ ਬਲਾਂ ਦੇ ਇਕ ਵਾਹਨ 'ਤੇ ਹਮਲਾ ਕੀਤਾ ਸੀ, ਜਿਸ 'ਚ ਮਣੀਪੁਰ ਪੁਲਸ ਦੇ ਦੋ ਕਮਾਂਡੋ ਸ਼ਹੀਦ ਹੋ ਗਏ ਸਨ।

# ਹੈਜ਼ੇ ਨਾਲ ਜੂਝ ਰਿਹਾ ਜ਼ਾਂਬੀਆ, ਤਿੰਨ ਮਹੀਨਿਆਂ 'ਚ 400 ਤੋਂ ਵੱਧ ਮੌਤਾਂ, ਸਾਰੇ ਸਕੂਲ ਬੰਦ

ਜ਼ਾਂਬੀਆ, 18 ਜਨਵਰੀ (ਪੋਸਟ ਬਿਊਰੋ): ਦੱਖਣੀ ਅਫ਼ਰੀਕੀ ਦੇਸ਼ ਜ਼ੈਂਬੀਆ ਹੈਜ਼ੇ ਦੇ ਵੱਡੇ ਪ੍ਰਕੋਪ ਨਾਲ ਜੂਝ ਰਿਹਾ ਹੈ। ਪਿਛਲੇ ਸਾਲ ਅਕਤੂਬਰ ਤੋਂ ਹੁਣ ਤੱਕ ਦੇਸ਼ ਵਿੱਚ 400 ਤੋਂ ਵੱਧ ਲੋਕਾਂ ਦੀ ਮੌਤਾਂ ਹੋ ਚੁੱਕੀ ਹੈ। ਇਸ ਬਿਮਾਰੀ ਨਾਲ 10,000 ਤੋਂ ਵੱਧ ਲੋਕ ਸੰਕਰਮਿਤ ਹੋ ਚੁੱਕੇ ਹਨ। ਅਧਿਕਾਰੀਆਂ ਨੇ ਹੈਜ਼ੇ ਕਾਰਨ ਦੇਸ਼ ਭਰ ਦੇ ਸਕੂਲਾਂ ਨੂੰ ਬੰਦ ਕਰਨ ਦੇ ਹੁਕਮ ਦਿੱਤੇ ਹਨ। ਰਾਜਧਾਨੀ ਲੁਸਾਕਾ ਦੇ ਇੱਕ ਵੱਡੇ ਫੁੱਟਬਾਲ ਸਟੇਡੀਅਮ ਨੂੰ ਇਲਾਜ ਕੇਂਦਰ ਵਿੱਚ ਬਦਲ ਦਿੱਤਾ ਗਿਆ ਹੈ। ਜ਼ਾਂਬੀਆ ਦੀ ਸਰਕਾਰ ਇੱਕ ਸਮੂਹਿਕ ਟੀਕਾਕਰਨ ਪ੍ਰੋਗਰਾਮ ਸ਼ੁਰੂ ਕਰ ਰਹੀ ਹੈ ਅਤੇ ਕਹਿੰਦੀ ਹੈ ਕਿ ਉਹ ਦੇਸ਼ ਵਿੱਚ ਪ੍ਰਭਾਵਿਤ ਭਾਈਚਾਰਿਆਂ ਨੂੰ ਪ੍ਰਤੀ ਦਿਨ 2.4 ਮਿਲੀਅਨ ਲੀਟਰ ਸਾਫ਼ ਪਾਣੀ ਪ੍ਰਦਾਨ



ਕਰ ਰਹੀ ਹੈ। 'ਜ਼ਾਂਬੀਆ ਪਬਲਿਕ ਹੈਲਥ ਇੰਸਟੀਚਿਊਟ' ਦੇ ਅਨੁਸਾਰ, ਜ਼ਾਂਬੀਆ ਵਿੱਚ ਪ੍ਰਕੋਪ ਅਕਤੂਬਰ ਵਿੱਚ ਸ਼ੁਰੂ ਹੋਇਆ ਸੀ। ਅਕਤੂਬਰ ਤੋਂ ਹੁਣ ਤੱਕ ਹੈਜ਼ੇ ਕਾਰਨ 412 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ 10,413 ਮਾਮਲੇ ਸਾਹਮਣੇ ਆਏ ਹਨ।

ਸਿਹਤ ਮੰਤਰਾਲੇ ਨੇ ਕਿਹਾ ਕਿ ਦੇਸ਼ ਦੇ ਲਗਭਗ ਅੱਧੇ ਜ਼ਿਲ੍ਹੇ ਅਤੇ 10 ਵਿੱਚੋਂ 9 ਸੂਬੇ ਹੈਜ਼ੇ ਨਾਲ ਪ੍ਰਭਾਵਿਤ ਹਨ। ਕਰੀਬ ਦੋ ਕਰੋੜ ਦੀ ਆਬਾਦੀ ਵਾਲੇ ਦੇਸ਼ ਵਿੱਚ ਹਰ ਰੋਜ਼ 400 ਤੋਂ ਵੱਧ ਕੇਸ ਦਰਜ ਹੋ ਰਹੇ ਹਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre Lic#10584
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'

MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration


We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc

Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ

ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS

We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge

Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification

Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਢਾਹਾਂ ਕਲੇਰਾਂ ਵਿਖੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ

ਬੰਗਾ 18 ਜਨਵਰੀ (ਪੋਸਟ ਬਿਊਰੋ) ਗੁਰਦੁਆਰਾ ਗੁਰੂ ਨਾਨਕ ਮਿਸ਼ਨ ਢਾਹਾਂ ਕਲੇਰਾਂ ਵਿਖੇ ਸਰਬੰਸਦਾਨੀ, ਕਲਗੀਧਰ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰ-ਮਤਿ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ । ਇਸ ਮੌਕੇ ਧੰਨ ਧੰਨ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਪਾਏ ਗਏ ਅਤੇ ਉਪਰੰਤ ਸਜੇ ਮਹਾਨ ਗੁਰਮਤਿ ਸਮਾਗਮ ਵਿਚ ਭਾਈ ਜਬਰਤੋੜ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅਤੇ ਭਾਈ ਜੋਗਾ ਸਿੰਘ ਹਜ਼ੂਰੀ ਰਾਗੀ ਗੁ: ਗੁਰੂ ਨਾਨਕ ਮਿਸ਼ਨ ਢਾਹਾਂ ਕਲੇਰਾਂ ਦੇ ਕੀਰਤਨੀ ਜਥਿਆਂ ਨੇ ਇਲਾਹੀ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ।

ਇਸ ਮੌਕੇ ਹਰਦੇਵ ਸਿੰਘ ਕਾਹਮਾ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸਮੂਹ ਸੰਗਤਾਂ ਨੂੰ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ । ਉਹਨਾਂ ਕਿਹਾ ਕਿ ਗੁਰੂ ਜੀ ਨੇ ਸਮੂਹ ਸੰਗਤਾਂ ਨੂੰ ਮਾਨਵਤਾ ਦੀ ਭਲਾਈ ਦਾ ਸੰਦੇਸ਼ ਦਿੱਤਾ ਹੈ । ਸ। ਕਾਹਮਾ ਨੇ ਸੰਗਤਾਂ ਨੂੰ ਢਾਹਾਂ ਕਲੇਰਾਂ ਵਿਖੇ ਚੱਲ ਰਹੇ ਵੱਖ ਵੱਖ ਮੈਡੀਕਲ ਅਤੇ ਵਿਦਿਅਕ ਅਦਾਰਿਆਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ । ਜਥੇਦਾਰ ਕੁਲਵਿੰਦਰ ਸਿੰਘ ਜਨਰਲ ਸਕੱਤਰ ਅਤੇ ਪ੍ਰੋ: ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱ ਖਿਆ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਗੁਰੂ ਗੋਬਿੰਦ ਸਿੰਘ ਜੀ ਦੇ ਗੁਰ ਇਤਿਹਾਸ, ਉਦੇਸ਼ ਅਤੇ ਜੀਵਨ ਬਾਰੇ ਜਾਣਕਾਰੀ ਦਿੰਦੇ ਕਿਹਾ ਕਿ ਗੁਰੂ 'ਤੇ ਵਿਸ਼ਵਾਸ਼ ਰੱਖਣ ਵਾਲੇ ਨੂੰ ਹੀ ਬਖਸ਼ਿਸ਼ਾਂ ਪ੍ਰਾਪਤ ਹੁੰਦੀਆਂ ਹਨ । ਢਾਹਾਂ ਕਲੇਰਾਂ ਵਿਖੇ ਹੋਏ ਮਹਾਨ ਗੁਰਮਤਿ ਸਮਾਗਮ ਵਿਚ ਹਰਦੇਵ ਸਿੰਘ ਕਾਹਮਾ ਪ੍ਰਧਾਨ, ਕੁਲਵਿੰਦਰ ਸਿੰਘ ਢਾਹਾਂ ਜਨਰਲ ਸੱਕਤਰ, ਅਮਰਜੀਤ ਸਿੰਘ ਕਲੇਰਾਂ ਚੇਅਰਮੈਨ ਫਾਈਨਾਂਸ, ਦਰਸ਼ਨ ਸਿੰਘ ਮਾਹਿਲ ਕੈਨੇਡਾ ਪ੍ਰਬੰਧਕ ਮੈਂਬਰ, ਬਰਜਿੰਦਰ ਸਿੰਘ ਹੈਪੀ ਕਲੇਰਾਂ, ਐਡਵੋਕੇਟ ਅਮਰੀਕ ਸਿੰਘ ਅਬੱਲ ਬੰਗਾ, ਡਾ। ਰਵਿੰਦਰ ਖਜ਼ੂਰੀਆ ਮੈਡੀਕਲ ਸੁਪਰਡੈਂਟ, ਡਾ। ਬਲਵਿੰਦਰ ਸਿੰਘ ਡੀ ਐਮ ਐਸ, ਪ੍ਰੋ: ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱ ਖਿਆ, ਮੈਡਮ ਵਨੀਤਾ ਚੋਟ ਪ੍ਰਿੰਸੀਪਲ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ, ਮੈਡਮ ਰਮਨਦੀਪ ਕੌਰ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ਼ ਨਰਸਿੰਗ, ਮਹਿੰਦਰਪਾਲ ਸਿੰਘ ਸੁਪਰਡੈਂਟ, ਭਾਈ ਮਨਜੀਤ ਸਿੰਘ ਤੋਂ ਇਲਾਵਾ ਟਰੱਸਟ ਦੇ ਪ੍ਰਬੰਧ ਹੇਠਾਂ ਚੱਲ ਰਹੇ ਅਦਾਰਿਆਂ ਦਾ ਸਮੂਹ ਸਟਾਫ਼, ਡਾਕਟਰ ਸਾਹਿਬਾਨ, ਨਰਸਿੰਗ ਅਤੇ ਪੈਰਾ ਮੈਡੀਕਲ ਵਿਦਿਆਰਥੀਆਂ ਅਤੇ ਇਲਾਕਾ ਨਿਵਾਸੀ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਇਸ ਮੌਕੇ ਸੰਗਤਾਂ ਨੇ ਪੰਗਤਾਂ ਵਿਚ ਬੈਠ ਕੇ ਬੜੇ ਸਤਿਕਾਰ ਨਾਲ ਗੁਰੂ ਕਾ ਲੰਗਰ ਛਕਿਆ।












ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664












# ਸ਼ਰਧਾਂਜਲੀ ਵਿਸ਼ਵ ਦਾ ਮਹਾਨ ਕਬੱਡੀ ਖਿਡਾਰੀ ਦੇਵੀ ਦਿਆਲ

ਪ੍ਰਿੰ. ਸਰਵਣ ਸਿੰਘ

ਦੇਵੀ ਦਿਆਲ ਕਬੱਡੀ ਦਾ ‘ਫਲਾਈਂਗ ਰੇਡਰ’ ਸੀ। ਵਿਸ਼ਵ ਦਾ ਮਹਾਨ ਕਬੱਡੀ ਖਿਡਾਰੀ। ਉਹ ਪਿੰਡੇ ਨੂੰ ਮਿੱਟੀ ਨਹੀਂ ਸੀ ਲੁਆਉਂਦਾ। ਜਦੋਂ ਉਹ ਰੇਡ ਪਾਉਂਦਾ, ਕਬੱਡੀ ਦਾਇਰਿਆਂ ’ਚ ‘ਔਹ ਗਿਆ’ ‘ਔਹ ਗਿਆ’ ਹੁੰਦੀ ਰਹਿੰਦੀ। 16 ਜਨਵਰੀ 2024 ਨੂੰ ਉਹ ਸੱਚਮੁੱਚ ਹੀ ਚਲਾ ਗਿਆ। ਓਥੇ, ਜਿਥੋਂ ਕੋਈ ਮੁੜ ਕੇ ਨਹੀਂ ਆਉਂਦਾ। ਪਿੱਛੇ ਯਾਦਾਂ ਹੀ ਰਹਿ ਜਾਂਦੀਆਂ ਨੇ।ਉਹਦੇ ਸਡੌਲ ਦਰਸ਼ਨੀ ਜੁੱਸੇ ਉਤੇ ਸੱਚਮੁਚ ਹੀ ਦੇਵੀ ਦਿਆਲ ਹੋਈ ਦਿਸਦੀ ਸੀ। ‘ਉਡਣਾ ਧਾਵੀ’ਦੇਸ਼ ਵਿਦੇਸ਼ ਦੇ ਕਬੱਡੀ ਮੈਦਾਨਾਂ ਦਾ ਸ਼ਿੰਗਾਰ ਸੀ। ਪੌਣੇ ਛੇ ਫੁੱਟ ਕੱਦ, ਪੰਜਾਸੀ ਕਿੱਲੋ ਵਜ਼ਨ ਤੇ ਗੋਲ ਗੁੰਦਵੇਂ ਪੱਠਿਆਂ ਵਾਲਾ ਗੋਰਾ ਨਿਛੋਹ ਜੁੱਸਾ। ਪੱਟਾਂ ਦੀਆਂ ਘੁੱਗੀਆਂ ਤੇ ਡੌਲਿਆਂ ਦੀਆਂ ਮੱਛੀਆਂ ਰਾਹ ਜਾਂਦਿਆਂ ਨੂੰ ਰੋਕ ਲੈਂਦੀਆਂ ਸਨ।


ਉਸ ਨੇ ਵੀਹ ਸਾਲ ਪੂਰੀ ਚੜ੍ਹਾਈ ਨਾਲ ਕਬੱਡੀ ਖੇਡੀ। ਉਹ ਬੜੀ ਤੇਜ਼ੀ ਨਾਲ ਕਬੱਡੀ ਪਾਉਣ ਜਾਂਦਾ ਜਿਵੇਂ ਦੌੜ ਦੀ ਸਪਰਿੰਟ ਲਾਉਣ ਲੱਗਾ ਹੋਵੇ। ਜਾਫੀਆਂ ਕੋਲ ਜਾ ਕੇ ਇਕ ਦੋ ਨਿੱਕੀਆਂ ਨਿੱਕੀਆਂ ਚੁੰਗੀਆਂ ਭਰਦਾ ਤੇ ਬਿਜਲੀ ਦੇ ਕਰੰਟ ਵਾਂਗ ਜਾਫੀ ਨੂੰ ਛੋਹ ਕੇ ਪੰਦਰਾਂ ਸਕਿੰਟਾਂ ’ਚ ਈ ਆਪਣੇ ਪਾੜੇ ਪਰਤ ਆਉਂਦਾ। ਇਹ ਉਹਦੇ ਜ਼ੋਰ ਤੇ ਜੁਗਤ ਦੀ ਬਰਕਤ ਸੀ ਕਿ ਉਸ ਨੇ ਦੇਵੀ ਦਿਆਲ ਵਰਗੇ ਸੋਹਲ ਮਲੂਕ ਨਾਂ ਨੂੰ ਜ਼ੋਰਾਵਰ ਧਾਵੀ ਦੇ ਅਰਥ ਦੇ ਦਿੱਤੇ। ਦੇਵੀ ਦਿਆਲ ਨੂੰ ਡੱਕਣਾ ਉਡੇ ਜਾਂਦੇ ਰਾਕਟ ਨੂੰ ਹੱਥ ਪਾਉਣਾ ਸੀ। ਉਹ ਜਿਥੇ ਜਿਥੇ ਵੀ ਖੇਡਿਆ ਬੱਲੇ ਬੱਲੇ ਕਰਵਾਉਂਦਾ ਰਿਹਾ। ਬੇਸ਼ਕ ਉਹ ਸਦੀਵੀ ਵਿਛੋੜਾ ਦੇ ਗਿਐ ਪਰ ਉਹਦੀਆਂ ਗੱਲਾਂ ਦੇਰ ਤਕ ਹੁੰਦੀਆਂ ਰਹਿਣਗੀਆਂ।

ਅਗੱਸਤ 1967 ਵਿਚ ਮੈਂ ਪਹਿਲੀ ਵਾਰ ਉਸ ਨੂੰ ਸਮਰਾਲੇ ਕਾਲਜ ਦੇ ਖੇਡ ਮੈਦਾਨ ਵਿਚ ਖੇਡਦਿਆਂ ਵੇਖਿਆ ਸੀ। ਅਸੀਂ ਢੁੱਡੀਕੇ ਕਾਲਜ ਦੀ ਟੀਮ ਲੈ ਕੇ ਗਏ ਸਾਂ। ਉਥੇ ਪੰਜਾਬ ਯੂਨੀਵਰਸਿਟੀ ਕਬੱਡੀ ਚੈਂਪੀਅਨਸ਼ਿਪ ਦਾ ਅੰਤਰ ਕਾਲਜ ਮੁਕਾਬਲਾ ਸੀ। ਉਦੋਂ ਉਹ ਬੀ. ਏ. ਦਾ ਵਿਦਿਆਰਥੀ ਸੀ। ਉਹ ਏਨਾ ਫੁਰਤੀਲਾ ਤੇ ਉਡਾਰ ਨਿਕਲਿਆ ਕਿ ਸਾਡੇ ਜਾਫੀਆਂ ਨੂੰ ਅਸਲੋਂ ਰੋਲ ਦਿੱਤਾ। ਉਹ ਕਬੱਡੀ ਪਾਉਣ ਜਾਂਦਾ ਤਾਂ ਕਾਲਜ ਦੀਆਂ ਕੁੜੀਆਂ ਤਾੜੀਆਂ ਮਾਰ ਕੇ ਉਹਦਾ ਹੌਂਸਲਾ ਵਧਾਉਂਦੀਆਂ। ਉਹਦਾ ਗੋਰਾ ਰੰਗ ਭਖ ਕੇ ਲਾਟੂ ਵਾਂਗ ਜਗ ਰਿਹਾ ਸੀ। ਕੁੜੀਆਂ ਕੱਤਰੀਆਂ ਲਈ ਉਹ ਕਿਸੇ ਫਿਲਮੀ ਹੀਰੋ ਤੋਂ ਘੱਟ ਨਹੀਂ ਸੀ। ਅਜਿਹੇ ਮਾਹੌਲ ’ਚ ਤਾਂ ਮਾੜਾ ਖਿਡਾਰੀ ਵੀ ਤਕੜੀ ਖੇਡ ਵਿਖਾ ਜਾਂਦਾ ਹੈ, ਉਹ ਤਾਂ ਸਮਰਾਲੇ ਦੇ ਇਲਾਕੇ ਦੀ ਸ਼ਾਨ ਸੀ। ਉਥੇ ਉਹ ਉਡੂੰ-ਉਡੂੰ ਕਰਦਾ ਫਿਰਦਾ ਸੀ। ਸਾਡੀ ਟੀਮ ਦੀ ਕੋਈ ਵਾਹ ਨਹੀਂ ਸੀ ਗਈ।

ਦੇਵੀ ਦਿਆਲ ਸ਼ਰਮਾ ਦਾ ਜਨਮ 2 ਦਸੰਬਰ 1947 ਨੂੰ ਪਿੰਡ ਕੁੱਬਾ ਤਹਿਸੀਲ ਸਮਰਾਲਾ ਵਿਚ ਹੋਇਆ ਸੀ। ਪੰਡਤਾਂ ਦੇ ਮੁੰਡੇ ਕਬੱਡੀ ਵਰਗੀ ਧੱਕੜ ਖੇਡ ਘੱਟ ਹੀ ਖੇਡਦੇ ਹਨ ਪਰ ਇਲਾਕੇ ਦੀ ਹਰਮਨ ਪਿਆਰੀ ਖੇਡ ਹੋਣ ਕਾਰਨ ਉਹ ਕਬੱਡੀ ਖੇਡਣ ਲੱਗ ਪਿਆ। ਇੰਜ ਹੀ ਰਾਜੇਆਣੇ ਦਾ ਪੰਡਤ ਖੇਡਣ ਲੱਗਾ ਸੀ। ਉਸ ਨੇ ਵੀ ਬਿਜਲੀ ਬੋਰਡ ਦੀ ਕਬੱਡੀ ਟੀਮ ’ਚ ਚੰਗਾ ਨਾਂ ਕਮਾਇਆ। ਦੇਵੀ ਦਿਆਲ ਅੱਠਵੀਂ ਤਕ ਆਪਣੇ ਪਿੰਡ ਹੀ ਪੜ੍ਹਿਆ ਤੇ ਦਸਵੀਂ ਖਾਲਸਾ ਸਕੂਲ ਘੁਲਾਲ ਤੋਂ ਕੀਤੀ। ਕਬੱਡੀ ਦੇ ਖਿਡਾਰੀ ਆਮ ਕਰ ਕੇ ਦਸ ਬਾਰਾਂ ਜਮਾਤਾਂ ਹੀ ਪੜ੍ਹਦੇ ਹਨ ਪਰ ਦੇਵੀ ਦਿਆਲ ਐੱਮ. ਏ. ਪਾਸ ਸੀ। ਮਾਲਵਾ ਕਾਲਜ ਸਮਰਾਲਾ ਪਿੱਛੋਂ ਉਹ ਸਰਕਾਰੀ ਕਾਲਜ ਲੁਧਿਆਣਾ ਤੇ ਡੀ. ਏ. ਵੀ. ਕਾਲਜ ਜਲੰਧਰ ਪੜ੍ਹਿਆ। ਤਿੰਨਾਂ ਕਾਲਜਾਂ ਨੂੰ ਕੱਪ ਤੇ ਟਰਾਫੀਆਂ ਜਿਤਾਉਂਦਾ ਰਿਹਾ। ਜਦੋਂ ਉਹ ਜਲੰਧਰ ਪੜ੍ਹਦਾ ਸੀ ਉਦੋਂ ਵੀ ਢੁੱਡੀਕੇ ਕਾਲਜ ਦੀ ਟੀਮ ਨਾਲ ਉਹਦੀ ਟੀਮ ਨਾਲ ਮੈਚ ਹੋਇਆ ਸੀ ਤੇ ਨਤੀਜਾ ਸਮਰਾਲੇ ਵਾਲਾ ਹੀ ਨਿਕਲਿਆ ਸੀ। ਢੁੱਡੀਕੇ ਕਾਲਜ ਸਮਰਾਲੇ ਕਾਲਜ ਨੂੰ ਉਦੋਂ ਹੀ ਹਰਾ ਸਕਿਆ ਜਦੋਂ ਦੇਵੀ ਦਿਆਲ ਉਥੋਂ ਜਾ ਚੁੱਕਾ ਸੀ।

ਉਹਦੀ ਗੁੱਡੀ ਕਿਲਾ ਰਾਇਪੁਰ ਦੀਆਂ ਖੇਲ੍ਹਾਂ ਵਿਚ ਚੜ੍ਹੀ ਸੀ। ਉਦੋਂ ਐਟਮ ਕਿਹਾ ਜਾਂਦਾ ਤੋਖੀ ਢਲ਼ ਰਿਹਾ ਸੀ ਤੇ ਦੇਵੀ ਦਿਆਲ ਚੜ੍ਹ ਰਿਹਾ ਸੀ। 70ਵਿਆਂ ਵਿਚ ਉਹ ਸਮੁੱਚੇ ਪੰਜਾਬ ਦਾ ਤੂਫ਼ਾਨ ਮੇਲ ਧਾਵੀ ਬਣਿਆ ਰਿਹਾ। 1973 ਵਿਚ ਇੰਗਲੈਂਡ ਦੀ ਟੀਮ ਪਹਿਲੀ ਵਾਰ ਪੰਜਾਬ ਵਿਚ ਕਬੱਡੀ ਮੈਚ ਖੇਡਣ ਆਈ ਤਾਂ ਪਹਿਲਾ ਟੈਸਟ ਮੈਚ ਵਾਰ ਹੀਰੋਜ਼ ਸਟੇਡੀਅਮ ਸੰਗਰੂਰ ਵਿਚ ਖੇਡਿਆ ਗਿਆ। ਉਦੋਂ ਸਾਹ ਨਾਲ ਕਬੱਡੀ ਪਾਈ ਜਾਂਦੀ ਸੀ। ਪੰਜਾਬ ਟੀਮ ਦੀਆਂ ਆਸਾਂ ਆਪਣੇ ਕਪਤਾਨ ਦੇਵੀ ਦਿਆਲ ਉਤੇ ਸਨ। ਦੇਵੀ ਨੇ ਪਹਿਲੀ ਹੀ ਕਬੱਡੀ ਪਾਈ ਤਾਂ ਇੰਗਲੈਂਡ ਦੇ ਲੰਮੇ ਝੰਮੇ ਜਾਫੀ ਹਿੰਮਤ ਸਿੰਘ ਸੋਹੀ ਨੇ ਵੱਟ ਕੇ ਧੌਲ ਮਾਰੀ ਜੋ ਉਸ ਦੀ ਪੁੜਪੁੜੀ ਵਿਚ ਵੱਜੀ। ਉਹ ਘੁਮੇਟਣੀ ਖਾ ਕੇ ਡਿੱਗ ਪਿਆ। ਰੈਫਰੀ ਨੇ ਹਿੰਮਤ ਦਾ ਫਾਊਲ ਦੇ ਕੇ ਪੁਆਇੰਟ ਤਾਂ ਦੇਵੀ ਦਿਆਲ ਦੇ ਹੱਕ ਵਿਚ ਦੇ ਦਿੱਤਾ ਪਰ ਉਹ ਹੋਰ ਕੌਡੀ ਪਾਉਣੋਂ ਰਹਿ ਗਿਆ। ਇੰਗਲੈਂਡ ਦੀ ਟੀਮ 62-60 ਅੰਕਾਂ ਉਤੇ ਮੈਚ ਜਿੱਤ ਗਈ।

ਫਿਰ ਉਹ ਪੰਜਾਬ ਦੀ ਟੀਮ ਦਾ ਮੀਤ ਕਪਤਾਨ ਬਣ ਕੇ ਇੰਗਲੈਂਡ ਕਬੱਡੀ ਖੇਡਣ ਗਿਆ। ਮਾਰਚ ਪਾਸਟ ਵੇਲੇ ਸਾਰੇ ਖਿਡਾਰੀਆਂ ਦੇ ਪੱਗਾਂ ਬੱਧੀਆਂ ਸਨ। ਦੇਵੀ ਦਿਆਲ ਦੇ ਵੀ ਗੁਲਾਬੀ ਪੱਗ ਬੰਨ੍ਹੀ ਹੋਈ ਸੀ। ਦਰਸ਼ਕ ਵਾਰ ਵਾਰ ਪੁੱਛਦੇ, “ਏਹਨਾਂ ’ਚ ਦੇਵੀ ਦਿਆਲ ਕਿਹੜਾ ਹੋਇਆ? ਉਹ ਤਾਂ ਕਿਤੇ ਦੀਂਹਦਾ ਨੀ। ਅਸੀਂ ਤਾਂ ਖੇਡ ਈ ਦੇਵੀ ਦਿਆਲ ਦੀ ਦੇਖਣ ਆਏ ਆਂ।” ਬੱਧੀ ਪੱਗ ਨਾਲ ਉਹ ਦੇਵੀ ਦਿਆਲ ਨੂੰ ਅਸਲੀ ਦੇਵੀ ਦਿਆਲ ਨਹੀਂ ਸਨ ਸਮਝ ਰਹੇ। ਉਹ ਆਖੀ ਗਏ, “ਇਹ ਤਾਂ ਨਕਲੀ ਦੇਵੀ ਦਿਆਲ ਆ। ਸਾਨੂੰ ਅਸਲੀ ਦੇਵੀ ਦਿਆਲ ਦਿਖਾਓ!” ਆਖ਼ਰ ਦੇਵੀ ਦਿਆਲ ਨੇ ਪੱਗ ਉਤਾਰੀ ਤੇ ਅਸਲੀ ਨਕਲੀ ਦਾ ਭੁਲੇਖਾ ਦੂਰ ਕੀਤਾ। ਉਹ ਕਈ ਵਾਰ ਇੰਗਲੈਂਡ ਕਬੱਡੀ ਖੇਡਣ ਗਿਆ ਜਿਥੇ ਉਹਦੀ ਖੇਡ ਉਤੇ ਪੌਂਡਾਂ ਦਾ ਮੀਂਹ ਬਰਸਦਾ ਰਿਹਾ। ਇੰਗਲੈਂਡ ਦੇ ਕਬੱਡੀ ਪ੍ਰੇਮੀ ਦੇਵੀ ਦਿਆਲ ਨੂੰ ਹਰ ਵਾਰ ਨਿਹਾਲ ਕਰ ਕੇ ਤੋਰਦੇ।



ਖੱਬੇ: ਕਬੱਡੀ ਖਿਡਾਰੀ ਦੇਵੀ ਦਿਆਲ।

ਉਨ੍ਹਾਂ ਦਿਨਾਂ ’ਚ ਉਹ ਢੁੱਡੀਕੇ ਦੇ ਖੇਡ ਮੇਲੇ ਵਿਚ ਕਬੱਡੀ ਖੇਡਣ ਆਇਆ ਤਾਂ ਮੈਨੂੰ ਇੰਗਲੈਂਡ ਦੀਆਂ ਗੱਲਾਂ ਦੱਸਣ ਲੱਗ ਪਿਆ। ਆਖਣ ਲੱਗਾ, “ਪ੍ਰੋਫੈਸਰ ਸਾਹਿਬ, ਏਥੇ ਤਾਂ ਸੁੱਕੇ ਹੱਡ ਰਗੜਾਈ ਦੇ ਆ। ਕਬੱਡੀ ਖੇਡਣ ਦੀ ਲੱਜ਼ਤ ਤਾਂ ਇੰਗਲੈਂਡ ਵਿਚ ਆਉਂਦੀ ਆ। ਓਥੋਂ ਮੈਨੂੰ ਪੰਜ ਹਜ਼ਾਰ ਪੌਂਡ ਮਿਲੇ। ਓਥੇ ਕਿਸੇ ਕਬੱਡੀ ਖਿਡਾਰੀ ਦਾ ਵਿਆਹ ਮੰਗਣਾ ਹੋਵੇ ਤਾਂ ਹਜ਼ਾਰ ਹਜ਼ਾਰ ਪੌਂਡ ਸ਼ਗਨਾਂ ਦੇ ਈ ਹੋ ਜਾਂਦੇ ਆ। ਮੈਂ ਤਾਂ ਖ਼ੈਰ ਵਿਆਹਿਆ ਹੋਇਆ ਸੀ। ਇੰਗਲੈਂਡ ’ਚ ਮੈਨੂੰ ਕਈਆਂ ਮਾਪਿਆਂ ਨੇ ਆਖਿਆ ਬਈ ਕਬੱਡੀ ਦੇ ਚੰਗੇ ਖਿਡਾਰੀਆਂ ਦੀ ਦੱਸ ਪਾ, ਅਸੀਂ ਰਿਸ਼ਤੇ ਕਰਨ ਨੂੰ ਤਿਆਰ ਆਂ...।”

ਦੇਵੀ ਦਿਆਲ 1965 ਤੋਂ ਉੱਚ ਪਾਏ ਦੀ ਕਬੱਡੀ ਖੇਡਣ ਲੱਗਾ ਤੇ ਲਗਾਤਾਰ ਵੀਹ ਬਾਈ ਸਾਲ ਖੇਡਦਾ ਰਿਹਾ। ਬਾਅਦ ਵਿਚ ਉਹ ਵੈਟਰਨ ਖਿਡਾਰੀਆਂ ਨਾਲ ਵੀ ਮੈਚ ਲਾ ਲੈਂਦਾ ਸੀ। ਉਸ ਨੂੰ ਕਬੱਡੀ ਨਾਲ ਜਨੂੰਨ ਦੀ ਹੱਦ ਤਕ ਇਸ਼ਕ ਸੀ। ਮਾਲਵਾ ਕਾਲਜ ਬੋਂਦਲੀ ਨੂੰ ਉਹ ਕਬੱਡੀ ਦੇ ਨਕਸ਼ੇ ਉਤੇ ਲੈ ਆਇਆ ਸੀ। ਡੀ. ਏ. ਵੀ. ਕਾਲਜ ਜਲੰਧਰ ਪੜ੍ਹਦਿਆਂ ਉਹਦੀ ਟੀਮ ਲਗਾਤਾਰ ਤਿੰਨ ਵਾਰ ਪੰਜਾਬ ਯੂਨੀਵਰਸਿਟੀ ਦੀ ਚੈਂਪੀਅਨ ਬਣੀ। ਸਰਕਾਰੀ ਕਾਲਜ ਲੁਧਿਆਣੇ ਦਾ ਉਹ ਬੈੱਸਟ ਅਥਲੀਟ ਸੀ। ਉਹ ਪੰਜਾਬ ਯੂਨੀਵਰਸਿਟੀ ਤੇ ਪੰਜਾਬ ਸਟੇਟ ਕਬੱਡੀ ਟੀਮਾਂ ਦੀਆਂ ਕਪਤਾਨੀਆਂ ਕਰਦਾ ਰਿਹਾ। ਪੰਜਾਬ ਦੇ ਪਿੰਡਾਂ ਦਾ ਸ਼ਾਇਦ ਹੀ ਕੋਈ ਵੱਡਾ ਟੂਰਨਾਮੈਂਟ ਹੋਵੇ ਜਿਥੇ ਦੇਵੀ ਦਿਆਲ ਖੇਡਣ ਨਾ ਗਿਆ ਹੋਵੇ। ਉਸ ਨੇ ਸੈਂਕੜੇ ਮੈਦਾਨਾਂ ਵਿਚ ਪੈੜਾਂ ਕੀਤੀਆਂ ਜੋ ਨਵੇਂ ਉਠਦੇ ਕੌਡਿਆਲਾਂ ਨੂੰ ਆਪਣੇ ਵੱਲ ਖਿੱਚਦੀਆਂ ਰਹੀਆਂ।

ਪੁਲੀਟੀਕਲ ਸਾਇੰਸ ਦੀ ਐੱਮ. ਏ. ਕਰ ਕੇ 1970 ’ਚ ਉਹ ਪੰਜਾਬ ਪੰਚਾਇਤੀ ਰਾਜ ਖੇਡ ਪ੍ਰੀਸ਼ਦ ਦਾ ਕਬੱਡੀ ਕੋਚ ਬਣ ਗਿਆ। ਜਗਤਪੁਰ ਦਾ ਮੁਖਤਾਰ ਸਿੰਘ ਖੇਡ ਪ੍ਰੀਸ਼ਦ ਦਾ ਸੈਕਟਰੀ ਸੀ। ਉਸ ਨੇ ਕਬੱਡੀ ਦੇ ਤਕੜੇ ਖਿਡਾਰੀ ਕਬੱਡੀ ਕੋਚ ਭਰਤੀ ਕਰ ਲਏ ਸਨ। ਕੋਚ ਬਣ ਕੇ ਵੀ ਦੇਵੀ ਦਿਆਲ ਕਈ ਸਾਲ ਕਬੱਡੀ ਖੇਡਦਾ ਰਿਹਾ। 1974 ’ਚ ਪੰਜਾਬ ਦੀ ਜਿਹੜੀ ਟੀਮ ਵਲਾਇਤ ਕਬੱਡੀ ਖੇਡਣ ਗਈ ਉਸ ਦਾ ਉਹ ਅਹਿਮ ਖਿਡਾਰੀ ਸੀ। ਉਨ੍ਹਾਂ ਦੀ ਟੀਮ ਇੰਗਲੈਂਡ ’ਚ ਸੱਤ ਮੈਚ ਖੇਡੀ ਜਿਨ੍ਹਾਂ ’ਚੋਂ ਪੰਜਾਬ ਦੀ ਟੀਮ ਨੇ ਤਿੰਨ ਮੈਚ ਜਿੱਤੇ। ਜਦੋਂ 1977 ਵਿਚ ਪੰਜਾਬ ਦੀ ਟੀਮ ਦੁਬਾਰਾ ਇੰਗਲੈਂਡ ਗਈ ਤਾਂ ਦੇਵੀ ਦਿਆਲ ਦੀ ਵਧੀਆ ਖੇਡ ਸਦਕਾ ਨੌਂ ਦੇ ਨੌਂ ਮੈਚ ਜਿੱਤ ਕੇ ਮੁੜੀ। ਇੰਗਲੈਂਡੀਆਂ ਨੇ ਉਸ ਦਾ ਮਾਣ ਤਾਣ ਕਰਨ ’ਚ ਵੀ ਕੋਈ ਕਸਰ ਨਾ ਛੱਡੀ।

1982 ਵਿਚ ਪੰਜਾਬੀ ਯੂਨੀਵਰਸਿਟੀ ਨੇ ਮੈਥੋਂ ‘ਪੰਜਾਬੀ ਖਿਡਾਰੀ’ ਪੁਸਤਕ ਲਿਖਵਾਈ ਜਿਸ ਵਿਚ ਉਨ੍ਹਾਂ ਖਿਡਾਰੀਆਂ ਬਾਰੇ ਲੇਖਲਿਖੇ ਜਾਣੇ ਸਨ ਜਿਨ੍ਹਾਂ ਨੇ ਕੌਮਾਂਤਰੀ ਖੇਡ ਮੁਕਾਬਲਿਆਂ ’ਚੋਂ ਭਾਰਤ ਲਈ ਕੋਈ ਮੈਡਲ ਜਿੱਤਿਆ ਹੋਵੇ। ਉਦੋਂ ਕਬੱਡੀ ਭਾਵੇਂ ਕੌਮਾਂਤਰੀ ਮੁਕਾਬਲਿਆਂ ਦੀ ਖੇਡ ਨਹੀਂ ਸੀ ਬਣੀ ਪਰ ਪੰਜਾਬੀਆਂ ਦੀ ਮਾਂ ਖੇਡ ਹੋਣ ਕਰ ਕੇ ਸਰਵਣ ਸਿੰਘ ਰਮੀਦੀ ਤੇ ਦੇਵੀ ਦਿਆਲ ਬਾਰੇ ਲੇਖ ਵੀ ਉਨ੍ਹਾਂ ’ਚ ਸ਼ਾਮਲ ਕੀਤੇ ਗਏ। ਯੂਨੀਵਰਸਿਟੀ ਨੇ ਉਹ ਕਿਤਾਬ ਅੰਗਰੇਜ਼ੀ ਵਿਚ ਵੀ ਛਾਪੀ।

ਦੇਵੀ ਦਿਆਲ ਨੇ ਜਿੰਨੀ ਮਿਹਨਤ ਨਾਲ ਆਪਣਾ ਸਰੀਰ ਸਾਧ ਕੇ ਰੱਖਿਆ ਕਬੱਡੀ ਦੇ ਬੜੇ ਘੱਟ ਖਿਡਾਰੀ ਸਾਧ ਕੇ ਰੱਖਦੇ ਹਨ। ਉਹ ਜਦੋਂ ਤਕ ਖੇਡਿਆ ਕਦੇ ਸ਼ਰਾਬ ਨਹੀਂ ਸੀ ਪੀਤੀ। ਖੇਡ ਦੌਰਾਨ ਕਿਸੇ ਤਰ੍ਹਾਂ ਦੀ ਕੋਈ ਡਰੱਗ ਨਹੀਂ ਸੀ ਲਈ। ਅੱਜ ਕੱਲ੍ਹ ਕਈ ਖਿਡਾਰੀ ਡਰੱਗਾਂ ਦੀਆਂ ਭੈੜੀਆਂ ਅਲਾਮਤਾਂ ਵਿਚ ਪੈ ਗਏ ਹਨ ਜੋ ਸਰੀਰ ਲਈ ਬੜੀਆਂ ਘਾਤਕ ਹਨ। ਮੈਂ ਇਕ ਵਾਰ ਉਸ ਦੇ ਸੋਹਣੇ ਪਾਲੇ ਹੋਏ ਜੁੱਸੇ ਦਾ ਰਾਜ਼ ਜਾਣਨ ਲਈ ਉਸ ਦੀ ਖਾਧ ਖੁਰਾਕ ਪੁੱਛੀ ਤਾਂ ਉਸ ਨੇ ਦੱਸਿਆ ਕਿ ਉਹ ਦੁੱਧ ਤੇ ਫਲਾਂ ਦਾ ਰਸ ਪੀਂਦਾ ਹੈ ਅਤੇ ਆਂਡੇ ਤੇ ਮੀਟ ਖਾ ਲੈਂਦਾ ਹੈ। ਮੁੱਠੀ ਕੁਭਰ ਬਦਾਮ ਵੀ ਛੱਕਦਾ ਹੈ। ਮੈਂ ਆਖਿਆ, “ਬਦਾਮ ਤਾਂ ਬਹੁਤ ਮਹਿੰਗੇ ਪੈਂਦੇ ਹੋਣਗੇ।” ਉਸ ਦਾ ਜਵਾਬ ਸੀ, “ਸ਼ਰਾਬ ਨਾਲੋਂ ਤਾਂ ਫਿਰ ਵੀ ਸਸਤੇ ਹਨ।”

ਉਸ ਦੀ ਖੇਡ ਦਾ ਰਾਜ਼ ਘੱਟ ਤੋਂ ਘੱਟ ਜ਼ੋਰ ਲਾ ਕੇ ਵੱਧ ਤੋਂ ਵੱਧ ਪੁਆਇੰਟ ਲੈਣ ’ਚ ਸੀ। ਉਹ ਜਾਫੀ ਨਾਲ ਉਲਝਣ ਦੀ ਥਾਂ ਉਸ ਨੂੰ ਪੋਲਾ ਜਿਹਾ ਛੋਹਣ ਤੇ ਤੁਰਤ ਦੁੜਕੀ ਲਾ ਕੇ ਆਪਣੇ ਪਾੜੇ ਆਉਣ ਵਾਲਾ ਖਿਡਾਰੀ ਸੀ। ਉਸ ਦਾ ਸੌ ਮੀਟਰ ਦੌੜ ਦਾ ਸਮਾਂ 11 ਸੈਕੰਡ ਸੀ। ਉਹਦੀ ਦੂਜੀ ਸਿਫ਼ਤ ਪਿੰਡੇ ਨੂੰ ਮਿੱਟੀ ਨਾ ਲੁਆਉਣ ਦੀ ਸੀ। ਉਸ ਨੂੰ ਕਿਸੇ ਨੇ ਮਿੱਟੀ ਨਾਲ ਲਿਬੜਿਆ ਨਹੀਂ ਸੀ ਵੇਖਿਆ। ਕਦੇ ਕਦਾਈਂ ਜੇ ਜਾਫੀ ਨਾਲ ਉਲਝ ਵੀ ਜਾਂਦਾ ਤਾਂ ਉਹ ਮਜ਼ਬੂਤੀ ਨਾਲ ਪੈਰ ਧਰਤੀ ’ਤੇ ਗੱਡੀ ਰੱਖਦਾ ਤੇ ਡਿੱਗਣੋਂ ਬਚਿਆ ਰਹਿੰਦਾ। ਜਿਹੜੇ ਜਾਫੀ ਉਹਦੇ ਭੇਤੀ ਸਨ ਉਹ ਉਸ ਨੂੰ ਉਤੋਂ ਨਹੀਂ ਸਨ ਪੈਂਦੇ। ਉਹ ਜਾਣਦੇ ਸਨ ਕਿ ਉਹ ਬਾਹਾਂ, ਧੌਣ ਤੇ ਧੜ ਤੋਂ ਫੜਿਆ ਉੱਕਾ ਨਹੀਂ ਰਹਿਣਾ। ਉਹਨੂੰ ਜੀਹਨੇ ਵੀ ਰੱਖਿਆ ਲੱਤੀਂ ਪੈ ਕੇ ਰੱਖਿਆ। ਉਹ ਆਪਣਾ ਸਭ ਤੋਂ ਤਕੜਾ ਮੈਚ ਫੇਰੂਮਾਨ ਗੋਲਡ ਕਬੱਡੀ ਕੱਪ ਟੂਰਨਾਮੈਂਟ ਦਾ ਮੰਨਦਾ ਸੀ। ਉਹ ਮੈਚ ਜ਼ਿਲ੍ਹਾ ਲੁਧਿਆਣਾ ਤੇ ਅੰਮ੍ਰਿਤਸਰ ਦੀਆਂ ਟੀਮਾਂ ਵਿਚਕਾਰ ਹੋਇਆ ਸੀ। ਦੋਵੇਂ ਟੀਮਾਂ ਬੜਾ ਤੇਜ਼ਤਰਾਰ ਮੈਚ ਖੇਡੀਆਂ। ਚਾਲੀ ਮਿੰਟਾਂ ਵਿਚ 141 ਸਾਹ ਪਾਏ ਗਏ ਤੇ ਮੈਚ ਦਾ ਅੰਤ 71-70 ਅੰਕਾਂ ਨਾਲ ਹੋਇਆ। ਇਹ ਵੀ ਇਕ ਰਿਕਾਰਡ ਹੈ।

ਦੇਵੀ ਦਿਆਲ ਨਿਰਾ ਸੋਹਣਾ ਸੁਨੱਖਾ ਖਿਡਾਰੀ ਹੀ ਨਹੀਂ ਸੀਉਹ ਲੀੜਾ ਲੱਤਾ ਪਾਉਣ ’ਚ ਵੀ ਫਿਲਮੀ ਅਦਾਕਾਰਾਂ ਨੂੰ ਮਾਤ ਪਾਉਂਦਾ ਸੀ। ਬੁੱਲ੍ਹ ਬੇਸ਼ਕ ਰਤਾ ਮੋਟੇ ਹਨ ਪਰ ਕੱਕੀਆਂ ਅੱਖਾਂ ਤੇ ਠੋਡੀ ’ਚ ਪੈਂਦਾ ਟੋਆ ਦਿਲ ਮੋਹਣ ਵਾਲਾ ਸੀ। ਚੌੜੀ ਛਾਤੀ, ਮੋਟੀ ਧੌਣ ਤੇ ਗੁੰਦੇ ਹੋਏ ਸਡੌਲ ਡੌਲੇ ਉਹਦੀ ਮਰਦਾਵੀਂ ਦਿੱਖ ਨੂੰ ਹੋਰ ਵੀ ਦਿਲਕਸ਼ ਬਣਾਉਂਦੇ ਸਨ। ਉਹ ਰੋਜ਼ਾਨਾ ਦੋ ਚਾਰ ਮੀਲ ਧੀਮੀ ਦੌੜ ਤੇ ਸਪਰਿੰਟਾਂ ਲਾਇਆ ਕਰਦਾ ਸੀ। ਵੇਟ ਟ੍ਰੇਨਿੰਗ ਤੇ ਕਰੜੀਆਂ ਕਸਰਤਾਂ ਵੀ ਕਰਦਾ ਰਹਿੰਦਾ ਸੀ। ਉਸ ਨੇ ਅਖ਼ੀਰ ਤਕ ਆਪਣੇ ਆਪ ਨੂੰ ਚੁਸਤ ਦਰੁਸਤ ਰੱਖਿਆ ਹੋਇਆ ਸੀ। ਉਸ ਨੂੰ ਇਕੋ ਅਹੁਰ ਸੀ, ਸ਼ੂਗਰ। ਆਖ਼ਰ ਸ਼ੂਗਰ ਹੀ ਉਸ ਨੂੰ ਲੈ ਬੈਠੀ।

ਜਦੋਂ ਉਹ ਰਿਟਾਇਰ ਹੋ ਕੇ ਆਪਣੇ ਪਿੰਡ ਕੁੱਬੇ ਦੇ ਵਰਿਆਮ ਸਟੇਡੀਅਮ ਵਿਚ ਕਬੱਡੀ ਅਕੈਡਮੀ ਚਲਾਉਣ ਲੱਗਾ ਤਾਂ ਉਸ ਭਲੇ ਪੁਰਸ਼ ਨਾਲ ਕਹਿਰ ਵਰਤ ਗਿਆ ਸੀ। ਕੁਦਰਤ ਨੇ ਉਸ ਦਾ ਇਕੋ ਇਕ ਜੁਆਨ ਪੁੱਤਰ ਟੋਨੀ ਅਲੰਕਾਰ ਉਸ ਤੋਂ ਖੋਹ ਲਿਆ ਸੀ। ਟੋਨੀ ਉਭਰ ਰਿਹਾ ਕੌਡਿਆਲ ਸੀ ਜਿਸ ਤੋਂ ਬੜੀਆਂ ਆਸਾਂ ਸਨ। ਪਰ ਕੈਂਸਰ ਦੀ ਚੰਦਰੀ ਬਿਮਾਰੀ ਉਸ ਨੂੰ ਲੈ ਬੈਠੀ। ਉਸ ਦੀ ਯਾਦ ਵਿਚ ਉਹ ਹਰ ਸਾਲ ਕਬੱਡੀ ਟੂਰਨਾਮੈਂਟ ਕਰਵਾਉਂਦਾ ਰਿਹਾ ਤੇ ਕਬੱਡੀ ਅਕੈਡਮੀ ਚਲਾਉਂਦਾ ਰਿਹਾ। ਟੋਨੀ ਅਲੰਕਾਰ ਅਕੈਡਮੀ ਰਾਹੀਂ ਅਨੇਕਾਂ ਖਿਡਾਰੀ ਤਿਆਰ ਹੋਏ ਜੋ ਦੇਸ ਪਰਦੇਸ ਦੀਆਂ ਕਬੱਡੀ ਕਲੱਬਾਂ ਵੱਲੋਂ ਖੇਡ ਰਹੇ ਹਨ। 2005 ਵਿਚ ਉਹ ਜ਼ਿਲ੍ਹਾ ਖੇਡ ਅਫਸਰ ਦੀ ਪਦਵੀ ਤੋਂ ਰਿਟਾਇਰ ਹੋ ਗਿਆ ਸੀ। ਪੁੱਤਰ ਤੇ ਪਤਨੀ ਦੇ ਵਿਗੋਚਾ ਦੇ ਜਾਣ ਪਿਛੋਂ ਵੀ ਉਹ ਸਾਰਾ ਸਮਾਂ ਕਬੱਡੀ ਦੇ ਲੇਖੇ ਲਾ ਰਿਹਾ ਸੀ ਅਤੇ ਆਖ਼ਰੀ ਸਾਹਾਂ ਤਕ ਕਬੱਡੀ ਲਈ ਸਰਗਰਮ ਸੀ। ਉਸ ਦੀ ਇਕੋ ਇਕ ਧੀ ਕੈਨੇਡਾ ’ਚ ਵਿਆਹੀ ਗਈ ਸੀ ਜਿਸ ਕਰਕੇ ਉਹ ਕੈਨੇਡਾ ਤੇ ਹੋਰਨਾਂ ਮੁਲਕਾਂ ਵਿਚ ਆਉਂਦਾ ਜਾਂਦਾ ਰਹਿੰਦਾ ਸੀ। ਕੈਨੇਡਾ ਦਾ ਪੱਕਾ ਪਰਵਾਸੀ ਬਣ ਕੇ ਵੀ ਉਹ ਕੈਨੇਡਾ ਛੱਡ ਆਇਆ ਸੀ। ਅਸੀਂ ਪੰਜਾਬ ਵਿਚ ਤਾਂ ਮਿਲਦੇ ਹੀ ਸਾਂ, ਵਿਦੇਸ਼ਾਂ ਵਿਚ ਵੀ ’ਕੱਠੇ ਕਬੱਡੀ ਮੇਲੇ ਵੇਖਦੇ ਸਾਂ। ਬੜੀਆਂ ਅਭੁੱਲ ਯਾਦਾਂ ਹਨ ਉਹਦੀਆਂ। 2010 ਵਿਚ ਸ਼ੁਰੂ ਹੋਏ ਪੰਜਾਬ ਕਬੱਡੀ ਵਰਲਡ ਕੱਪ ਦਾ ਉਹ ਡਾਇਰੈਕਟਰ ਸੀ ਤੇ ਮੈਂ ਕੁਆਰਡੀਨੇਟਰ। ਦੇਵੀ ਦਿਆਲ ਦੀਆਂ ਯਾਦਾਂ ਦਾ ਅੰਤ ਨਹੀਂ ਜਿਸ ਦੀਆਂ ਗੱਲਾਂ ਸਾਲਾਂ-ਬੱਧੀ ਹੁੰਦੀਆਂ ਰਹਿਣਗੀਆਂ।







## ਅੰਮ੍ਰਿਤਸਰ ਵਿਚ ਸੈਰ ਸਪਾਟੇ ਨੂੰ ਵਧਾਉਣ ਲਈ ਡਿਪਟੀ ਕਮਿਸ਼ਨਰ ਵੱਲੋਂ ਸ਼ੋਸ਼ਲ ਮੀਡੀਆ ਬਲੌਗਰ ਨੂੰ ਅੱਗੇ ਆਉਣ ਦਾ ਦਿੱਤਾ ਸੱਦਾ

### ਬਲੌਗਰਾਂ ਲਈ ਕਿਸੇ ਵੀ ਕਿਸਮ ਦੀ ਮੱਦਦ ਲਈ ਨੰਬਰ ਕੀਤਾ ਜਾਰੀ, ਡੈਸਟੀਨੇਸ਼ਨ ਵੈਡਿੰਗ ਅਤੇ ਯੂਨਿਟੀ ਮਾਲ ਬਾਰੇ ਵਿਚਾਰਾਂ

ਅੰਮ੍ਰਿਤਸਰ, 18 ਜਨਵਰੀ (ਪੋਸਟ ਬਿਊਰੋ): ਅੰਮ੍ਰਿਤਸਰ ਵਿੱਚ ਸੈਰ ਸਪਾਟਾ ਸਨਅਤ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਸ਼ੋਸ਼ਲ ਮੀਡੀਆ ਬਲੌਗਰ ਅਤੇ ਇੰਨਫਲੂੰਸਰ (ਪ੍ਰਭਾਵਕ) ਨੂੰ ਸੱਦਾ ਦਿੱਤਾ ਹੈ ਕਿ ਉਹ ਅੱਗੇ ਆਉਣ ਤਾਂ ਜੋ ਅੰਮ੍ਰਿਤਸਰ ਨੂੰ ਸੈਰ ਸਪਾਟਾ ਸਨਅੱਤ ਵਿੱਚ ਹੋਰ ਉੱਪਰ ਚੁੱਕਿਆ ਜਾ ਸਕੇ।

ਉਨਾਂ ਕਿਹਾ ਕਿ ਅੰਮ੍ਰਿਤਸਰ ਇਕ ਧਾਰਮਿਕ ਤੇ ਇਤਿਹਾਸਿਕ ਸ਼ਹਿਰ ਹੈ ਅਤੇ ਅੰਮ੍ਰਿਤਸਰ ਵਿੱਚ ਰੋਜ਼ਾਨਾ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਆਉਂਦੇ ਹਨ ਪਰ ਦਰਸ਼ਨ ਕਰਕੇ ਦੂਸਰੇ ਦਿਨ ਹੀ ਵਾਪਸ ਚਲੇ ਜਾਂਦੇ ਹਨ ਕਿਉਂਕਿ ਉਨਾਂ ਨੂੰ ਅੰਮ੍ਰਿਤਸਰ ਦੀਆਂ ਹੋਰ ਇਤਿਹਾਸਿਕ ਥਾਵਾਂ ਬਾਰੇ ਇੰਨੀ ਜਾਣਕਾਰੀ ਪ੍ਰਾਪਤ ਨਹੀਂ ਹੁੰਦੀ। ਉਨਾਂ ਕਿਹਾ ਕਿ ਅੱਜ ਦਾ ਯੁੱਗ ਸ਼ੋਸ਼ਲ ਮੀਡੀਆ ਦਾ ਯੁੱਗ ਹੈ ਅਤੇ ਸ਼ੋਸ਼ਲ ਮੀਡੀਆ ਰਾਹੀਂ ਵੱਧ ਤੋਂ ਵੱਧ ਪ੍ਰਚਾਰ ਕਰਕੇ ਲੋਕਾਂ ਨੂੰ ਅੰ☬ਤਸਰ ਦੀਆਂ ਹੋਰ ਇਤਿਹਾਸਿਕ ਥਾਵਾਂ ਪ੍ਰਤੀ ਜਾਗਰੂਕ ਕੀਤਾ ਜਾ ਸਕਦਾ ਹੈ। ਉਨਾਂ ਕਿਹਾ ਕਿ ਸ਼ੋਸ਼ਲ ਮੀਡੀਆ ਬਲੌਗਰ ਪ੍ਰਸ਼ਾਸਨ ਵਲੋਂ ਕਿਸੇ ਵੀ ਤਰ੍ਹਾਂ ਦੀ ਮੱਦਦ ਲਈ ਮੋਬਾਇਲ ਫੋਨ ਨੰਬਰ 9115639012 (ਸਕਸ਼ਮ ਨਾਲ) ’ਤੇ ਸੰਪਰਕ ਕਰ ਸਕਦੇ ਹਨ।

ਉਨਾਂ ਕਿਹਾ ਕਿ ਯਾਤਰੂਆਂ ਨੂੰ ਇੱਥੇ ਇਕ ਤੋਂ ਵੱਧ ਦਿਨ ਰੋਕਣ ਲਈ ਅੰਮ੍ਰਿਤਸਰ ਦੀਆਂ ਇਤਿਹਾਸਿਕ ਅਤੇ ਵਿਰਾਸਤੀ ਇਮਾਰਤਾਂ ਨੂੰ ਉਜਾਗਰ ਕੀਤਾ ਜਾਵੇਗਾ। ਉਨਾਂ ਕਿਹਾ ਕਿ ਇਸ ਨਾਲ ਦੇਸ਼ ਵਿਦੇਸ਼ ਤੋਂ ਆਉਣ ਵਾਲੇ ਸੈਲਾਨੀਆਂ ਵਿੱਚ ਅੰਮ੍ਰਿਤਸਰ ਦੇ ਇਤਿਹਾਸ ਪ੍ਰਤੀ ਜਾਣਕਾਰੀ ਪ੍ਰਾਪਤ ਕਰਨ ਦੀ ਉਤਸੁਕਤਾ ਪੈਦਾ ਹੋਵੇਗੀ ਅਤੇ ਸੈਲਾਨੀ ਪੰਜਾਬ ਤੇ ਪੰਜਾਬੀਅਤ ਬਾਰੇ ਜਾਣ-ਸਮਝ ਸਕਣਗੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਡੀ ਯੋਜਨਾ ਅੰਮ੍ਰਿਤਸਰ ਨੂੰ ‘ਡੈਸਟੀਨੇਸ਼ਨ ਵੈਡਿੰਗ’ ਵਜੋਂ ਵਿਕਸਤ ਕਰਨਰ ਦੀ ਹੈ, ਤਾਂ ਜੋ ਦੇਸ਼ ਵਿਦੇਸ਼ਾਂ ਤੋਂ ਸੈਲਾਨੀ ਇਥੇ ਆ ਕੇ ਜਿਆਦਾ ਸਮਾਂ ਰੁੱਕ ਸਕਣ, ਜਿਸ ਨਾਲ ਅੰਮ੍ਰਿਤਸਰ ਦੀ ਆਰਥਿਕਤਾ ਨੂੰ ਵੱਡਾ ਹੁਲਾਰਾ ਮਿਲੇਗਾ। ਉਨਾਂ ਦੱਸਿਆ ਕਿ ਡੈਸਟੀਨੇਸ਼ਨ ਵੈਡਿੰਗ ਵਜੋਂ ਵੱਖ ਵੱਖ ਥਾਵਾਂ ਤੇ ਵਿਚਾਰ ਚਰਚਾ ਚੱਲ ਰਹੀ ਹੈ ਅਤੇ ਜਲਦ ਹੀ ਅੰਮ੍ਰਿਤਸਰ ਵਿਖੇ ਵੈਡਿੰਗ ਡੈਸਟੀਨੇਸ਼ਨ ਵਜੋਂ ਇੱਕ ਕੇਂਦਰ ਸਥਾਪਿਤ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਦੱਸਿਆ ਕਿ ਦੇਸ਼ ਭਰ ਦੀਆਂ ਕਲਾ ਕ੍ਰਿਤਾਂ ਦੇ ਵਿਕਰੀ ਕੇਂਦਰ ਲਈ ਅੰਮ੍ਰਿਤਸਰ ਵਿੱਚ ‘ਯੂਨਿਟੀ ਮਾਲ’ ਬਣਾਉਣ ਦੀ ਵੀ ਤਿਆਰੀ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਇਸ ਮਾਲ ਵਿੱਚ ‘ਮੇਡ ਇਨ ਇੰਡੀਆ’ ਮੁਹਿੰਮ ਨੂੰ ਉਤਸ਼ਾਹਿਤ ਕਰਨ ਲਈ ਦੇਸ਼ ਭਰ ਦੀਆਂ ਕਲਾ ਕਿਰਤਾਂ ਨੂੰ ਇਕ ਛੱਤ ਹੇਠ ਵੇਚਣ ਲਈ ਵੱਡਾ ਸ਼ਾਪਿੰਗ ਮਾਲ ਬਣਾਇਆ ਜਾਵੇਗਾ, ਜਿਸ ਨੂੰ ਯੂਨੀਟੀ ਮਾਲ ਦਾ ਨਾਮ ਦਿੱਤਾ ਗਿਆ ਹੈ। ਉਨਾਂ ਦੱਸਿਆ ਕਿ ਪੰਜਾਬ ਦੇ 23 ਜਿਲ੍ਹਿਆਂ ਨੂੰ ਇਕ -ਇਕ ਸਟਾਲ ਪੱਕੇ ਤੌਰ ਤੇ ਦਿੱਤਾ ਜਾਵੇਗਾ। ਜਿਥੇ ਉਹ ਆਪੋ ਆਪਣੇ ਸੂਬੇ ਅਤੇ ਜਿਲ੍ਹੇ ਦੇ ਮਿਆਰੀ ਉਤਪਾਦਾਂ ਦੀ ਵਿਕਰੀ ਕਰ ਸਕਣਗੇ। ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਦੇਸ਼ ਦੇ 36 ਰਾਜ ਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ਾਂ ਨੂੰ ਇਕ ਇਕ ਵੱਡਾ ਹਾਲ ਵਿਕਰੀ ਕੇਂਦਰ ਵਜੋਂ ਦਿੱਤਾ ਜਾਵੇਗਾ।

## 22 ਤੋਂ 24 ਜਨਵਰੀ ਤੱਕ ਦਿਵਿਆਂਗਜਨਾਂ ਨੂੰ ਵੰਡੇ ਜਾਣਗੇ ਸਹਾਇਕ ਉਪਕਰਨ

ਅੰਮ੍ਰਿਤਸਰ 18 ਜਨਵਰੀ (ਪੋਸਟ ਬਿਊਰੋ): ਅਲਿਮਕੋ ਵਲੋਂ ਜਿਲ੍ਹਾ ਪ੍ਰਸ਼ਾਸਨ ਦੀ ਸਹਾਇਤਾ ਨਾਲ ਦਿਵਿਆਂਗਜਨਾਂ ਅਤੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਮੈਡੀਕਲ ਅਸੈਸਮੈਂਟ ਕੈਂਪ 16 ਅਕਤੂਬਰ ਤੋਂ 22 ਅਕਤੂਬਰ 2023 ਨੂੰ ਵੱਖ-ਵੱਖ ਥਾਵਾਂ ਤੇ ਲਗਾਏ ਗਏ ਸਨ ਅਤੇ ਇਸ ਮੌਕੇ ਬਜ਼ੁਰਗਾਂ ਅਤੇ ਦਿਵਿਆਂਗਜਨਾਂ ਦੀ ਮੈਡੀਕਲ ਅਸੈਸਮੈਂਟ ਕੀਤੀ ਗਈ ਸੀ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਦੱਸਿਆ ਕਿ ਵੱਖ-ਵੱਖ ਥਾਵਾਂ ਤੇ ਲਗਾਏ ਗਏ ਕੈਂਪਾਂ ਵਿੱਚ ਜਿਨ੍ਹਾਂ ਦਿਵਿਆਂਗਜਨਾਂ ਅਤੇ ਬਜ਼ੁਰਗਾਂ ਦੀ ਮੈਡੀਕਲ ਅਸੈਸਮੈਂਟ ਕੀਤੀ ਗਈ ਸੀ ਨੂੰ ਹੁਣ 22 ਤੋਂ 24 ਜਨਵਰੀ ਤੱਕ ਵੱਖ-ਵੱਖ ਥਾਵਾਂ ਤੇ ਕੈਂਪ ਲਗਾ ਕੇ ਸਹਾਇਕ ਉਪਕਰਨਾਂ ਦੀ ਵੰਡ ਕੀਤੀ ਜਾਵੇਗੀ। ਉਨਾਂ ਵਧੇਰੇ ਜਾਣਕਾਰੀ ਦਿੰਦਿਆ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਲਬਾਗ, ਅਟਾਰੀ ਅਤੇ ਮਜੀਠਾ ਵਿਖੇ ਲਗਾਏ ਗਏ ਅਸੈਸਮੈਂਟ ਕੈਂਪ ਧਾਰਕਾਂ ਨੂੰ 22 ਜਨਵਰੀ ਨੂੰ ਸਰਕਾਰੀ ਸੀਨੀਅਰ ਸਕੂਲ ਸੈਕੰਡਰੀ ਗੋਲਬਾਗ ਵਿਖੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਜਨਾਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਮਦਾਸ ਦੇ ਅਸੈਸਮੈਂਟ ਧਾਰਕਾਂ ਦਾ ਕੈਂਪ 23



ਡੀਸੀ ਅੰਮ੍ਰਿਤਸਰ ਜੀਐਸ ਥੋਰੀ

ਜਨਵਰੀ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਜਨਾਲਾ ਵਿਖੇ ਲਗਾਇਆ ਜਾਵੇਗਾ। ਉਨਾਂ ਦੱਸਿਆ ਕਿ ਇਸੇ ਤਰ੍ਹਾਂ ਹੀ 29 ਜਨਵਰੀ ਨੂੰ ਰਘੂਨਾਥ ਡਲੀਆਨਾ ਮੰਦਿਰ ਜੰਡਿਆਲਾ ਗੁਰੂ ਅਤੇ ਮਾਤਾ ਗੰਗਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ ਦੇ ਮੈਡੀਕਲ ਅਸੈਸਮੈਂਟ ਕੈਂਪ ਧਾਰਕਾਂ ਦਾ ਕੈਂਪ ਜੰਡਿਆਲਾ ਗੁਰੂ ਵਿਖੇ ਹੀ ਲਗਾਇਆ ਜਾਵੇਗਾ।

ਥੋਰੀ ਨੇ ਦੱਸਿਆ ਕਿ ਇਨਾਂ ਕੈਂਪਾਂ ਨੂੰ ਲਗਾਉਣ ਲਈ ਵੱਖ-ਵੱਖ ਅਧਿਕਾਰੀਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ। ਡਿਪਟੀ ਕਮਿਸ਼ਨਰ ਨੇ ਸੈਕਟਰੀ ਰੈਡ ਕਰਾਸ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਨਾਂ ਕੈਂਪਾਂ ਵਿੱਚ ਵੀਲ੍ਹ ਚੇਅਰਾਂ ਦਾ ਪ੍ਰਬੰਧ ਜ਼ਰੂਰ ਕੀਤਾ ਜਾਵੇ ਤਾਂ ਜੋ ਆਉਣ ਵਾਲੇ ਦਿਵਿਆਂਗਜਨਾਂ ਨੂੰ ਕੋਈ ਮੁਸ਼ਕਿਲ ਨਾ ਆਵੇ। ਉਨਾਂ ਦਿਵਿਆਂਗਜਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਨਾਂ ਕੈਂਪਾਂ ਵਿੱਚ ਜ਼ਰੂਰ ਪੁੱਜਣ ਅਤੇ ਆਪੋ ਆਪਣੇ ਸਹਾਇਕ ਉਪਰਕਨ ਪ੍ਰਾਪਤ ਕਰਨ।




# ਈਰਾਨ ਨੇ ਪਾਕਿਸਤਾਨ 'ਚ ਦਾਖਲ ਹੋ ਕੇ ਕੀਤੀ ਕਾਰਵਾਈ, ਅੱਤਵਾਦੀ ਟਿਕਾਣਿਆਂ ਨੂੰ ਉਡਾਇਆ



ਇਸਲਾਮਾਬਾਦ, 18 ਜਨਵਰੀ (ਪੋਸਟ ਬਿਊਰੋ): ਈਰਾਨ ਦੀ ਫੌਜ ਨੇ ਮੰਗਲਵਾਰ ਨੂੰ ਪਾਕਿਸਤਾਨ ਵਿਚ ਬਲੋਚ ਅੱਤਵਾਦੀ ਸਮੂਹ ਜੈਸ਼ ਅਲ-ਅਦਲ ਦੇ ਦੋ ਵੱਡੇ ਟਿਕਾਣਿਆਂ 'ਤੇ ਹਵਾਈ ਹਮਲੇ ਕੀਤੇ। ਇਰਾਕ ਅਤੇ ਸੀਰੀਆ ਵਿਚ ਹਵਾਈ ਹਮਲਿਆਂ ਤੋਂ ਇਕ ਦਿਨ ਬਾਅਦ ਈਰਾਨ ਦੇ ਰੈਵੋਲਿਊਸ਼ਨਰੀ ਗਾਰਡਜ਼ ਨੇ ਪਾਕਿ-ਸਤਾਨ ਵਿਚ ਦਾਖਲ ਹੋ ਕੇ ਹਵਾਈ ਹਮਲੇ ਕੀਤੇ। ਈਰਾਨ ਦੇ ਸਰਕਾਰੀ ਮੀਡੀਆ ਨੇ ਦੱਸਿਆ ਕਿ ਬਲੋਚ ਅੱਤਵਾਦੀ ਸਮੂਹ ਦੇ ਦੋ ਪ੍ਰਮੁੱਖ ਹੈਡਕੁਆਰਟਰ (ਬੇਸ) 'ਤੇ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਹਮਲਾ ਕੀਤਾ ਗਿਆ ਅਤੇ ਤਬਾਹ ਕਰ ਦਿੱਤਾ ਗਿਆ।

ਮੀਡੀਆ ਰਿਪੋਰਟਾਂ ਮੁਤਾਬਕ ਈਰਾਨੀ ਫੌਜ ਨੇ ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਦੇ ਉਸ ਇਲਾਕੇ 'ਤੇ ਹਮਲਾ ਕੀਤਾ, ਜਿੱਥੇ ਜੈਸ਼-ਅਲ-ਅਦਲ ਦਾ ਸਭ ਤੋਂ ਵੱਡਾ ਹੈੱਡਕੁਆਰਟਰ ਸੀ। ਪਾਕਿਸਤਾਨ ਨੇ ਦਾਅਵਾ ਕੀਤਾ ਹੈ ਕਿ ਈਰਾਨ ਦੇ ਬਿਨਾਂ ਭੜਕਾਹਟ ਦੇ ਹਮਲੇ 'ਚ ਦੋ ਮਾਸੂਮ ਬੱਚੇ ਮਾਰੇ ਗਏ, ਜਦਕਿ ਤਿੰਨ ਲੜਕੀਆਂ ਜ਼ਖਮੀ ਹੋ ਗਈਆਂ।

ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਨੇ ਹਮਲਿਆਂ ਦੀ ਸਖ਼ਤ ਨਿੰਦਾ ਕਰਦੇ ਹੋਏ ਇੱਕ ਬਿਆਨ ਵਿੱਚ ਕਿਹਾ ਕਿ ਪਾਕਿ-ਸਤਾਨ ਈਰਾਨ ਦੁਆਰਾ ਆਪਣੇ ਹਵਾਈ ਖੇਤਰ ਦੀ ਉਲੰਘਣਾ ਦੀ ਸਖ਼ਤ ਨਿੰਦਾ ਕਰਦਾ ਹੈ, ਜਿਸ ਵਿੱਚ ਦੋ ਮਾਸੂਮ ਬੱਚੇ ਮਾਰੇ ਗਏ ਸਨ, ਜਦੋਂ ਕਿ ਤਿੰਨ ਲੜਕੀਆਂ ਜ਼ਖਮੀ ਹੋ ਗਈਆਂ ਸਨ। ਬਿਆਨ ਵਿਚ ਕਿਹਾ ਗਿਆ ਹੈ ਕਿ ਇਹ ਪਾਕਿਸਤਾਨ ਦੀ ਪ੍ਰਭੂਸੱਤਾ ਦੀ ਉਲੰਘਣਾ ਹੈ, ਜੋ ਪੂਰੀ ਤਰ੍ਹਾਂ ਅਸਵੀਕਾਰਨਯੋਗ ਹੈ ਅਤੇ ਇਸ ਦੇ ਗੰਭੀਰ ਨਤੀਜੇ ਨਿਕਲ ਸਕਦੇ ਹਨ।

## ਜਲੀਕਟੂ ਦੌਰਾਨ ਤਾਮਿਲਨਾਡੂ ਦੇ ਸ਼ਿਵਗੰਗਈ ਜ਼ਿਲ੍ਹੇ ਵਿੱਚ ਦੋ ਲੋਕਾਂ ਦੀ ਮੌਤ, 40 ਜ਼ਖ਼ਮੀ



ਸ਼ਿਵਗੰਗਈ, 18 ਜਨਵਰੀ (ਪੋਸਟ ਬਿਊਰੋ): ਤਾਮਿਲਨਾਡੂ ਵਿੱਚ ਜਲੀਕੱਟੂ ਦੌਰਾਨ ਦੋ ਲੋਕਾਂ ਦੀ ਮੌਤ ਹੋ ਗਈ। ਉਥੇ ਹੀ 40 ਲੋਕ ਜ਼ਖਮੀ ਹੋ ਗਏ। ਪੁਲਿਸ ਸੁਪਰਡੈਂਟ ਨੇ ਮੌਤ ਦੀ ਪੁਸ਼ਟੀ ਕੀਤੀ ਹੈ। ਇਹ ਘਟਨਾ ਸੂਬੇ ਦੇ ਸ਼ਿਵਗੰਗਈ ਜ਼ਿਲ੍ਹੇ ਦੀ ਹੈ। ਤੁਹਾਨੂੰ ਦੱਸ ਦੇਈਏ ਕਿ ਜਲੀਕਟੂ ਇੱਕ ਸਦੀਆਂ ਪੁਰਾਣਾ ਸਮਾਗਮ ਹੈ, ਜੋ ਪੋਂਗਲ ਦੇ ਮੌਕੇ 'ਤੇ ਤਾਮਿਲਨਾਡੂ ਵਿੱਚ ਆਯੋਜਿਤ ਕੀਤਾ ਜਾਂਦਾ ਹੈ।

ਜਲੀਕਟੂ ਤਾਮਿਲਨਾਡੂ ਦੇ ਪੇਂਡੂ ਖੇਤਰਾਂ ਵਿੱਚ ਖੇਡੀ ਜਾਣ ਵਾਲੀ ਇੱਕ ਰਵਾਇਤੀ ਖੇਡ ਹੈ, ਜਿਸ ਵਿੱਚ ਬਲਦ ਮਨੁੱਖਾਂ ਨਾਲ ਲੜਦੇ ਹਨ। ਜੇਤੂ ਦਾ ਫੈਸਲਾ ਇਸ ਗੱਲ 'ਤੇ ਕੀਤਾ ਜਾਂਦਾ ਹੈ ਕਿ ਬਲਦ ਦੀ ਕੁੱਬੀ 'ਤੇ ਟੈਮਰ ਕਿੰਨਾ ਚਿਰ ਰਹਿੰਦਾ ਹੈ। ਜਲੀਕਟੂ ਨੂੰ ਤਾਮਿਲਨਾਡੂ ਦੇ ਮਾਣ ਅਤੇ ਸੱਭਿਆਚਾਰ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਇਹ ਆਮ ਤੌਰ 'ਤੇ ਮੱਟੂ ਪੋਂਗਲ ਦੇ ਹਿੱਸੇ ਵਜੋਂ ਤਾਮਿਲਨਾਡੂ ਵਿੱਚ ਅਭਿਆਸ ਕੀਤਾ ਜਾਂਦਾ ਹੈ, ਜੋ ਚਾਰ ਦਿਨਾਂ ਦੇ ਵਾਢੀ ਤਿਉਹਾਰ ਦੇ ਤੀਜੇ ਦਿਨ ਹੁੰਦਾ ਹੈ। ਤਾਮਿਲ ਸ਼ਬਦ 'ਮੱਟੂ' ਦਾ ਅਰਥ ਹੈ ਬਲਦ, ਅਤੇ ਪੋਂਗਲ ਦਾ ਤੀਜਾ ਦਿਨ ਪਸ਼ੂਆਂ ਨੂੰ ਸਮਰਪਿਤ ਹੈ, ਜੋ ਕਿ ਖੇਤੀ ਵਿਚ ਪ੍ਰਮੁੱਖ ਭਾਈਵਾਲ ਹਨ।

ਹਾਲਾਂਕਿ ਇਸ ਘਟਨਾ ਦੌਰਾਨ ਕਈ ਵਾਰ ਲੋਕ ਗੰਭੀਰ ਜ਼ਖਮੀ ਹੋ ਜਾਂਦੇ ਹਨ। ਅਜਿਹੇ 'ਚ ਸੁਪਰੀਮ ਕੋਰਟ ਨੇ ਜਲੀਕਟੂ ਦੇ ਆਯੋਜਨ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਸਨ। ਹਾਲਾਂਕਿ ਸਾਰੇ ਪ੍ਰਬੰਧਾਂ ਦੇ ਬਾਵਜੂਦ ਜਲੀਕੱਟੂ ਦੌਰਾਨ ਕਈ ਲੋਕ ਜ਼ਖਮੀ ਹੋ ਜਾਂਦੇ ਹਨ।

## ਮਣੀਪੁਰ ਪੁਲਿਸ ਕਮਾਂਡੋ ਅਤੇ ਸ਼ੱਕੀ ਕੂਕੀ ਅੱਤਵਾਦੀਆਂ ਵਿਚਕਾਰ ਗੋਲੀਬਾਰੀ, ਬੀਐਸਐਫ ਨੇ ਸੰਭਾਲਿਆ ਮੋਰਚਾ



ਮਣੀਪੁਰ, 18 ਜਨਵਰੀ (ਪੋਸਟ ਬਿਊਰੋ): ਹਿੰਸਾ ਪ੍ਰਭਾਵਿਤ ਮਣੀਪੁਰ ਦੇ ਟੇਂਗਨੋਪੋਲ ਜ਼ਿਲ੍ਹੇ ਦੇ ਮੋਰੇਹ ਕਸਬੇ ਵਿੱਚ ਬੁੱਧਵਾਰ ਸਵੇਰ ਤੋਂ ਮਣੀਪੁਰ ਪੁਲਿਸ ਦੇ ਕਮਾਂਡੋ ਅਤੇ ਸ਼ੱਕੀ ਕੁਕੀ ਅੱਤਵਾਦੀਆਂ ਵਿਚਕਾਰ ਰੁਕ-ਰੁਕ ਕੇ ਗੋਲੀਬਾਰੀ ਜਾਰੀ ਹੈ। ਇਸ ਦੌਰਾਨ ਕਈ ਧਮਕੀਆਂ ਵੀ ਸੁਣਨ ਨੂੰ ਮਿਲੀਆਂ। ਇਸ ਵਿੱਚ ਕਿਸੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਵੱਡੀ ਗਿਣਤੀ 'ਚ ਸੁਰੱਖਿਆ ਬਲਾਂ ਨੂੰ ਤਾਇਨਾਤ ਕੀਤਾ ਗਿਆ ਹੈ ਅਤੇ ਪੂਰੇ ਇਲਾਕੇ ਨੂੰ ਸੁਰੱਖਿਆ ਬਲਾਂ ਨੇ ਘੇਰ ਲਿਆ ਹੈ।

ਸੂਤਰਾਂ ਮੁਤਾਬਕ ਸਭ ਤੋਂ ਪਹਿਲਾਂ ਬੁੱਧਵਾਰ ਸਵੇਰੇ ਕਰੀਬ 3:30 ਵਜੇ ਟੇਂਗਨੋਪੋਲ ਜ਼ਿਲੇ ਦੇ ਮੋਰੇਹ ਕਸਬੇ ਦੇ ਚਿਕਿਮ ਵੇਂਗ ਦੇ ਜੰਗਲੀ ਖੇਤਰ ਤੋਂ 20 ਤੋਂ 25 ਰਾਊਂਡ ਗੋਲੀਆਂ ਚੱਲਣ ਦੀ ਆਵਾਜ਼ ਸੁਣਾਈ ਦਿੱਤੀ। ਗੋਲੀਬਾਰੀ ਸਵੇਰੇ ਕਰੀਬ 3:40 ਵਜੇ ਰੁਕ ਗਈ। ਇਸ ਤੋਂ ਬਾਅਦ ਸਵੇਰੇ 6 ਵਜੇ ਫਿਰ, ਮੋਰੇਹ ਬਾਜ਼ਾਰ ਅਤੇ ਹਸਪਤਾਲ ਖੇਤਰ ਵਿੱਚ ਸ਼ੱਕੀ ਕੁਕੀ ਅੱਤਵਾਦੀਆਂ ਅਤੇ ਮਣੀਪੁਰ ਪੁਲਿਸ ਦੇ ਕਮਾਂਡੋਆਂ ਵਿਚਕਾਰ ਗੋਲੀਬਾਰੀ ਸ਼ੁਰੂ ਹੋ ਗਈ। ਇਲਾਕੇ 'ਚ ਕਈ ਬੰਬ ਧਮਾਕਿਆਂ ਦੀ ਆਵਾਜ਼ ਵੀ ਸੁਣੀ ਗਈ।

ਇਸ ਤੋਂ ਬਾਅਦ ਸਵੇਰੇ ਕਰੀਬ 10:05 ਵਜੇ ਸ਼ੱਕੀ ਕੁਕੀ ਅੱਤਵਾਦੀਆਂ ਅਤੇ ਮਣੀਪੁਰ ਪੁਲਸ ਕਮਾਂਡੋਜ਼ ਵਿਚਾਲੇ ਫਿਰ ਗੋਲੀਬਾਰੀ ਸ਼ੁਰੂ ਹੋ ਗਈ। ਇਸ ਵਾਰ ਬੀਐਸਐਫ ਦੇ ਜਵਾਨਾਂ ਨੇ ਵੀ ਸ਼ੱਕੀ ਕੁਕੀ ਅੱਤਵਾਦੀਆਂ ਦਾ ਜਵਾਬੀ ਕਾਰਵਾਈ ਕੀਤੀ। ਵਰਣਨਯੋਗ ਹੈ ਕਿ ਈਸਟਰਨ ਸ਼ਾਈਨ ਸਕੂਲ ਪਿਕਟ ਨੰਬਰ 'ਤੇ ਡਿਊਟੀ ਕਰ ਰਹੇ ਬੀਐਸਐਫ ਦੇ ਜਵਾਨਾਂ ਨੇ ਸ਼ੱਕੀ ਕੁਕੀ ਅੱਤਵਾਦੀਆਂ 'ਤੇ ਜਵਾਬੀ ਕਾਰਵਾਈ ਕੀਤੀ। ਇਸ ਵਿੱਚ ਕਿਸੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਸੁਰੱਖਿਆ ਬਲ ਇਲਾਕੇ 'ਚ ਤਲਾਸ਼ੀ ਮੁਹਿੰਮ ਚਲਾ ਰਹੇ ਹਨ।



# Dr. Randhawa Dentistry

*Your own dentist who really cares for you*

**We Provide the following Services:**

- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

**Dr. Samreet Kaur Randhawa**
General Family Dentist


New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

**NEW LOCATION**
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

**FIRST LOCATION**
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044




# Grand Upholstery Ltd

**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

**Tel: 905.791.2888 Cell: 647.293.3212**
2053 Williams Pkwy, Unit -45, Brampton | Email: grandupholstery@gmail.com

**URGENTLY NEED NEW LISTINGS IN BRAMPTON/CALEDON**



visit: www.teamjagaujla.com

ADVERTISEMENT GUARANTEED TILL SOLD

# JAG AUJLA

MCNE, REAL ESTATE BROKER

**416-371-7777**

e-mail: j.aujla@rogers.com or visit: www.jagaujla.com

MCNE

**CALL JAG AUJLA FOR A QUICK & FREE HOME EVALUATION**

www.BramptonTopRealtor.com

**RECENTLY LISTED IN YOUR NEIGHBOURHOOD**

**Brampton Ontario (Dir/Cross St:Kennedy/Bovaird)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, 3 ਬੈਡਰੂਮ ਅਤੇ 4 ਵਾ-ਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨ-ਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਅਤੇ ਹੋਰ ਵੀ ਬਹੁਤ ਕੁੱਝ।

**Brampton Ontario (Dir/Cross St:The Gore/Castlemore/Gardenbrok)**



ਖ਼ੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Brampton Ontario (Dir/Cross St:Bramalea/Father Tobin /Fernfor)**



ਰੈਂਪਟਨ ਵਿਚ 3000-3500 ਸਕੁਏਅਰ ਫੁੱਟ ਦਾ ਸੋਹਣਾ ਜਿਹਾ 3 ਸਟੋਰੀ ਡਿਟੈਚਟਡ ਘਰ, ਬਰੈਮਲੀ/ਫਾਦਰ ਟੌਬਿਨ/ਫਰਨਫੌਰ ਇੰਟਰਸੈਕਸ਼ਨ ਉਤੇ ਸਥਿਤ, 5+1 ਬੈਡਰੂਮਜ਼ + 5 ਵਾਸ਼ਰੂਮਜ਼, 2 ਫੇਮਿਲੀ ਰੂਮ ਅਤੇ 2 ਮਾਸਟਰ ਬੈਡਰੂਮਜ਼ ਦੇ ਨਾਲ, ਉਪਰਲੇ ਫਲੋਰ ਦੇ ਸਾਰੇ ਬੈਡਰੂਮਜ਼ ਲੈਮੀਨੇਟਡ, ਕੁਆਰਟਸ ਸੀ ਟਾਪ ਦੇ ਨਾਲ ਸੁੰਦਰ ਕਿਚਨ, ਗੈਰਾਜ ਤੋਂ ਡੋਰ ਐਂਟਰੀ, ਅੰਦਰ ਅਤੇ ਬਾਹਰ ਪੌਟ ਲਾਈਟਾਂ ਲੱਗੀਆਂ ਹੋਈਆਂ, ਦੂਸਰੇ ਫਲੋਰ ਉਤੇ ਲਾਊਂਡਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਸਾਊਂਡ ਸਿਸਟਮ ਦੇ ਨਾਲ।

**FREE**

- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232

Call: **JAG AUJLA** Dir: **416-371-7777**
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017